SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 23* Issue 51 | Wednesday, March 13, 2024 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਇੱਕ ਵਿਅਕਤੀ ਨੇ ਆਪਣੇ ਹੀ ਰਿਸ਼ਤੇਦਾਰਾਂ ਨੂੰ ਮਾਰੀ ਗੋਲੀ, 2 ਹਲਾਕ, ਇੱਕ ਜ਼ਖ਼ਮੀ

ਟੋਰਾਂਟੋ, 12 ਮਾਰਚ (ਪੋਸਟ ਬਿਊਰੋ) : ਟੋਰਾਂਟੋ ਵਿੱਚ ਇੱਕ ਵਿਅਕਤੀ ਨੇ ਕਥਿਤ ਤੌਰ ਉੱਤੇ ਆਪਣੇ ਤਿੰਨ ਰਿਸ਼ਤੇਦਾਰਾਂ ਨੂੰ ਗੋਲੀ ਮਾਰ ਦਿੱਤੀ, ਜਿਸ ਕਾਰਨ ਦੋ ਵਿਅਕਤੀਆਂ ਦੀ ਮੌਤ ਹੋ ਗਈ। ਇਹ ਮਾਮਲਾ ਘਰ ਤੋਂ ਸ਼ੁਰੂ ਹੋਇਆਂ ਤੇ ਫਿਰ ਮੰਗਲਵਾਰ ਦੁਪਹਿਰ ਨੂੰ ਡਾਊਨਟਾਊਨ ਟੋਰਾਂਟੋ ਦੀ ਮਸ਼ਰੂਫ ਰਹਿਣ ਵਾਲੀ ਸੜਕ ਤੱਕ ਪਹੁੰਚ ਗਿਆ। ਇਹ ਜਾਣਕਾਰੀ ਟੋਰਾਂਟੋ ਪੁਲਿਸ ਨੇ ਦਿੱਤੀ।

ਗੋਲੀਆਂ ਚੱਲਣ ਦੀਆਂ ਰਿਪੋਰਟਾਂ ਮਿਲਣ ਤੋਂ ਬਾਅਦ ਦੁਪਹਿਰੇ 1:30 ਵਜੇ ਦੇ ਨੇੜੇ ਤੇੜੇ ਰੀਜੈਂਟ ਪਾਰਕ ਵਿੱਚ ਪਾਰਲੀਆਮੈਂਟ ਸਟਰੀਟ ਤੋਂ ਪੂਰਬ ਵੱਲ ਡੰਡਾਸ ਸਟਰੀਟ ਈਸਟ ਉੱਤੇ ਪੁਲਿਸ ਦੀ 51ਵੀਂ ਡਵੀਜ਼ਨ ਪਹੁੰਚੀ।ਪੁਲਿਸ ਨੂੰ ਮੌਕੇ ਉੱਤੇ ਦੋ ਪੁਰਸ਼ ਤੇ ਇੱਕ ਮਹਿਲਾ ਗੋਲੀਆਂ ਲੱਗਣ ਕਾਰਨ ਜ਼ਖ਼ਮੀ ਹਾਲਤ ਵਿੱਚ ਮਿਲੇ। ਪੁਲਿਸ ਨੇ ਦੱਸਿਆ ਕਿ ਇੱਕ ਪੁਰਸ਼ ਨੂੰ ਮੌਕੇ ਉੱਤੇ ਹੀ ਮ੍ਰਿਤਕ ਐਲਾਨ ਦਿੱਤਾ ਗਿਆ ਜਦਕਿ ਦੂਜੇ ਵਿਅਕਤੀ ਦੀ ਹਸਪਤਾਲ ਪਹੁੰਚਣ ਮਗਰੋਂ ਮੌਤ ਹੋ ਗਈ।

ਮਹਿਲਾ ਨੂੰ ਵੀ ਹਸਪਤਾਲ ਲਿਜਾਇਆ ਗਿਆ, ਉਸ ਦੇ ਜ਼ਖ਼ਮ ਜਾਨਲੇਵਾ ਨਹੀਂ ਸਨ ਤੇ ਪੁਲਿਸ ਨੇ ਦੱਸਿਆ ਕਿ ਉਸ ਨੂੰ ਜਲਦ ਹੀ ਹਸਪਤਾਲ ਤੋਂ ਛੁੱਟੀ ਦੇ ਦਿੱਤੀ ਜਾਵੇਗੀ। ਪੁਲਿਸ ਨੂੰ ਮੌਕੇ ਤੋਂ ਹੀ ਮਸ਼ਕੂਕ ਵੀ ਮਿਲ ਗਿਆ ਤੇ ਉਸ ਦੇ



ਉੱਥੋਂ ਖਿਸਕਣ ਤੋਂ ਬਾਅਦ ਪੁਲਿਸ ਨੇ ਭੱਜ ਕੇ ਹੀ ਉਸ ਨੂੰ ਫੜ੍ਹ ਲਿਆ। ਡਿਟੈਕਟਿਕ ਸਾਰਜੈਂਟ ਟਿਫਨੀ ਕਾਸਟੈਲ ਨੇ ਮੰਗਲਵਾਰ ਸ਼ਾਮ ਨੂੰ ਕੀਤੀ ਗਈ ਨਿਊਜ਼ ਕਾਨਫਰੰਸ ਵਿੱਚ ਆਖਿਆ ਕਿ ਮਸ਼ਕੂਕ ਦਾ ਥੋੜ੍ਹੀ ਦੇਰ ਪੁਲਿਸ ਨੂੰ ਪਿੱਛਾ ਕਰਨਾ ਪਿਆ ਤੇ ਦੋਵਾਂ ਧਿਰਾਂ ਵਿੱਚ ਹੱਥੋਪਾਈ ਵੀ ਹੋਈ। ਇਸ ਦਰਮਿਆਨ ਇੱਕ ਪੁਲਿਸ ਅਧਿਕਾਰੀ ਨੂੰ ਬਾਂਹ ਵਿੱਚ ਤੇ ਦੂਜੇ ਨੂੰ ਲੱਤ ਵਿੱਚ ਸੱਟ ਲੱਗੀ।

ਮਸ਼ਕੂਕ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ ਤੇ ਮੌਕੇ ਤੋਂ ਇੱਕ ਹਥਿਆਰ ਵੀ ਬਰਾਮਦ ਹੋਇਆ। ਕਾਸਟੈਲ ਨੇ ਦੱਸਿਆ ਕਿ ਪੁਲਿਸ ਮਸ਼ਕੂਕ ਉੱਤੇ ਫਰਸਟ ਡਿਗਰੀ ਮਰਡਰ ਦੇ ਚਾਰਜਿਜ਼ ਲਾਉਣ ਜਾ ਰਹੀ ਹੈ। ਉਨ੍ਹਾਂ ਇਸ ਗੱਲ ਦੀ ਵੀ ਪੁਸ਼ਟੀ ਕੀਤੀ ਕਿ ਮਸ਼ਕੂਕ ਉਨ੍ਹਾਂ ਤਿੰਨਾਂ ਵਿਅਕਤੀਆਂ ਦਾ ਰਿਸ਼ਤੇਦਾਰ ਸੀ, ਜਿਨ੍ਹਾਂ ਨੂੰ ਉਸ ਨੇ ਨੁਕਸਾਨ ਪਹੁੰਚਾਇਆ।

## ਹਾਇਤੀ ਦੇ ਅਹੁਦਾ ਛੱਡ ਰਹੇ ਪ੍ਰਧਾਨ ਮੰਤਰੀ ਨਾਲ ਟਰੂਡੋ ਨੇ ਕੀਤੀ ਗੱਲਬਾਤ

### ਸਮੱਸਿਆਵਾਂ ਨੂੰ ਹੱਲ ਕਰਨ ਵਿਚ ਮਦਦ ਕਰਨ ਦਾ ਭਰੋਸਾ ਵੀ ਦਿਵਾਇਆ

ਓਟਵਾ, 12 ਮਾਰਚ (ਪੋਸਟ ਬਿਊਰੋ) : ਹਾਇਤੀ ਵਿੱਚ ਜਾਰੀ ਮਨੁੱਖਤਾਵਾਦੀ ਸੰਕਟ, ਸਕਿਊਰਿਟੀ ਤੇ ਸਿਆਸੀ ਸੰਕਟ ਦੇ ਸਬੰਧ ਵਿੱਚ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਹਾਇਤੀ ਦੇ ਅਹੁਦਾ ਛੱਡ ਰਹੇ ਪ੍ਰਧਾਨ ਮੰਤਰੀ ਨਾਲ ਗੱਲਬਾਤ ਕੀਤੀ।



ਸੋਮਵਾਰ ਨੂੰ ਪੀਐਮਓ ਵੱਲੋਂ ਜਾਰੀ ਕੀਤੇ ਬਿਆਨ ਵਿੱਚ ਆਖਿਆ ਗਿਆ ਕਿ ਹਾਇਤੀ ਦੇ ਹਾਲਾਤ ਬਾਰੇ ਟਰੂਡੋ ਨੇ ਏਰੀਅਲ ਹੈਨਰੀ ਨਾਲ ਚਿੰਤਾ ਸਾਂਝੀ ਕੀਤੀ ਤੇ ਹਾਇਤੀ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਵਿੱਚ ਮਦਦ ਕਰਨ ਦਾ ਭਰੋਸਾ ਵੀ ਦਿਵ-ਾਇਆ। ਜ਼ਿਕਰਯੋਗ ਹੈ ਕਿ ਹੈਨਰੀ ਨੇ ਮੰਗਲਵਾਰ ਨੂੰ ਇਹ ਐਲਾਨ ਕੀਤਾ ਸੀ ਕਿ ਇੱਕ ਵਾਰੀ ਹਾਇਤੀ ਵਿੱਚ ਪ੍ਰੈਜ਼ੀਡੈਂਸ਼ੀਅਲ ਕਾਊਂਸਲ ਕਾਇਮ ਹੋ ਜਾਵੇਗੀ ਤਾਂ ਉਹ ਆਪਣੇ ਅਹੁਦੇ ਤੋਂ ਅਸਤੀਫਾ ਦੇ ਦੇਣਗੇ।

ਆਪਣੇ ਦੇਸ਼ ਤੋਂ ਬਾਹਰ ਦੌਰੇ ਉੱਤੇ ਨਿਕਲੇ ਹੈਨਰੀ ਨੂੰ ਹੁਣ ਦੇਸ਼ ਵਿੱਚ ਦਾਖਲ ਹੋਣ ਨਹੀਂ ਦਿੱਤਾ ਜਾ ਰਿਹਾ। ਕ੍ਰਿਮੀਨਲ ਗੈਂਗਜ਼ ਵੱਲੋਂ ਹਾਇਤੀ ਵਿੱਚ ਹਿੰਸਾ ਦਾ ਨੰਗਾ ਨਾਚ ਖੇਡਿਆ ਜਾ ਰਿਹਾ ਹੈ ਤੇ ਸਾਰੇ ਦੇਸ਼ ਵਿੱਚ ਉਥਲ ਪੁਥਲ ਚੱਲ ਰਹੀ ਹੈ। ਰਾਜਧਾਨੀ ਉੱਤੇ ਵੀ ਗੈਂਗਜ਼ ਦਾ ਹੀ ਕਬਜ਼ਾ ਹੈ ਤੇ ਸਾਰੇ ਇੰਟਰਨੈਸ਼ਨਲ ਏਅਰਪੋਰਟਸ ਵੀ ਬੰਦ ਕਰ ਦਿੱਤੇ ਗਏ ਹਨ। ਕਈ ਕੈਰੇਬੀਆਈ ਆਗੂਆਂ, ਕੈਨੇਡਾ ਦੇ ਸੰਯੁਕਤ ਰਾਸ਼ਟਰ ਸਥਿਤ ਅੰਬੈਸਡਰ ਤੇ ਅਮਰੀਕਾ ਦੇ ਵਿਦੇਸ਼ ਮੰਤਰੀ ਨੇ ਸੋਮਵਾਰ ਨੂੰ ਹਾਇਤੀ ਦੇ ਇਸ ਸੰਕਟ ਦਾ ਹੱਲ ਕੱਢਣ ਲਈ ਜਮਾਇਕਾ ਵਿੱਚ ਮੁਲਾਕਾਤ ਕੀਤੀ। ਮੀਟਿੰਗ ਦੌਰਾਨ ਹੈਨਰੀ ਪਿਓਰਟੋਰਿਕੋ ਵਿੱਚ ਰੁਕੇ ਹੋਏ ਸਨ।

ਹੈਨਰੀ ਨਾਲ ਗੱਲਬਾਤ ਕਰਦਿਆਂ ਟਰੂਡੋ ਨੇ ਹਾਇਤੀ ਦੇ ਸਟੇਕਹੋਲਡਰਜ਼ ਦਰਮਿਆਨ ਸਿਆਸੀ ਸਮਝੌਤੇ ਦੀ ਲੋੜ ਉੱਤੇ ਜ਼ੋਰ ਦਿੱਤਾ ਤੇ ਉੱਥੇ ਚੋਣਾਂ ਕਰਵਾ ਕੇ ਜਮਹੂਰੀਅਤ ਬਹਾਲ ਕਰਨ ਦੀ ਗੱਲ ਵੀ ਆਖੀ।

## ਘਰ ਨੂੰ ਲੱਗੀ ਅੱਗ, 1 ਹਲਾਕ, 3 ਜ਼ਖ਼ਮੀ

ਮਿਸੀਸਾਗਾ, 12 ਮਾਰਚ (ਪੋਸਟ ਬਿਊਰੋ) : ਮੰਗਲਵਾਰ ਨੂੰ ਮਿਸੀਸਾਗਾ ਵਿੱਚ ਇੱਕ ਘਰ ਨੂੰ ਲੱਗੀ ਸ਼ੱਕੀ ਅੱਗ ਵਿੱਚ ਇੱਕ ਵਿਅਕਤੀ ਦੀ ਮੌਤ ਹੋ ਗਈ ਜਦਕਿ 3 ਹੋਰ ਜ਼ਖ਼ਮੀ ਹੋ ਗਏ। ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।



ਸਵੇਰੇ 3:00 ਵਜੇ ਅੱਗ ਲੱਗਣ ਦੀਆਂ ਖਬਰਾਂ ਦੇ ਕੇ ਐਮਰਜੰਸੀ ਅਮਲੇ ਨੂੰ ਵਿੰਸਟਨ ਚਰਚਿਲ ਬੁਲੇਵਾਰਡ ਦੇ ਪੂਰਬ ਵੱਲ ਬ੍ਰੌਮਸਗ੍ਰੋਵ ਰੋਡ ਦੇ ਇੱਕ ਘਰ ਵਿੱਚ ਸੱਦਿਆ ਗਿਆ। ਮਿਸੀਸਾਗਾ ਦੀ ਫਾਇਰ ਚੀਫ ਡੈਰਿਨ ਰਿਜ਼ੀ ਨੇ ਆਖਿਆ ਕਿ ਕ੍ਰਿਊ ਨੂੰ ਘਰ ਵਿੱਚੋਂ ਅੱਗ ਦੀਆਂ ਤੇਜ਼ ਲਪਟਾਂ, ਧੂੰਆਂ ਆਦਿ ਨਿਕਲਦਾ ਨਜ਼ਰੀਂ ਪਿਆ। ਘਰ ਦੇ ਨੇੜੇ ਤਪਿਸ਼ ਵੀ ਕਾਫੀ ਜ਼ਿਆਦਾ ਸੀ। ਰਿਜ਼ੀ ਨੇ ਦੱਸਿਆ ਕਿ ਕ੍ਰਿਊ ਮੈਂਬਰਾਂ ਵੱਲੋਂ ਘਰ ਦੀ ਬੇਸਮੈਂਟ ਤੇ ਦੂਜੀ ਮੰਜ਼ਿਲ ਉੱਤੇ ਜਾ ਕੇ ਤਲਾਸ਼ੀ ਲਈ ਗਈ। ਘਰ ਦੀ ਉੱਪਰਲੀ ਮੰਜ਼ਿਲ ਦੇ ਦੋਵਾਂ ਬੈੱਡਰੂਮਜ਼ ਵਿੱਚ ਦੋ ਵਿਅਕਤੀ ਬੇਸੁੱਧ ਪਏ ਮਿਲੇ। ਦੋਵਾਂ ਨੂੰ ਹਸਪਤਾਲ ਲਿਜਾਇਆ ਗਿਆ ਜਿੱਥੇ ਇੱਕ ਵਿਅਕਤੀ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ।

ਕ੍ਰਿਊ ਦੇ ਪਹੁੰਚਣ ਤੋਂ ਪਹਿਲਾਂ ਦੋ ਹੋਰ ਵਿਅਕਤੀ ਘਰ ਵਿੱਚੋਂ ਆਪੇ ਹੀ ਬਾਹਰ ਆ ਗਏ ਸਨ ਪਰ ਉਹ ਘਰ ਦੇ ਸਾਹਮਣੇ ਵਾਲੇ ਲਾਅਨ ਵਿੱਚ ਜ਼ਖ਼ਮੀ ਪਏ ਮਿਲੇ। ਪੈਰਾਮੈਡਿਕਸ ਨੇ ਦੱਸਿਆ ਕਿ ਇੱਕ ਵਿਅਕਤੀ ਨੂੰ ਨਾਜ਼ੁਕ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ ਤੇ ਦੂਜਾ ਵੀ ਗੰਭੀਰ ਜ਼ਖ਼ਮੀ ਦੱਸਿਆ ਜਾਂਦਾ ਹੈ। ਪੈਰਾਮੈਡਿਕਸ ਅਨੁਸਾਰ ਘਰ ਵਿੱਚੋਂ ਇੱਕ ਕੁੱਤੇ ਤੇ ਬਿੱਲੀ ਨੂੰ ਵੀ ਬਾਹਰ ਕੱਢਿਆ ਗਿਆ। ਪਰ ਕੁੱਤਾ ਮਰ ਗਿਆ।

ਅੱਗ ਜਿਸ ਘਰ ਤੋਂ ਸ਼ੁਰੂ ਹੋਈ ਸੀ ਉੱਥੇ ਹੀ ਸਵੇਰੇ 6:00 ਵਜੇ ਤੱਕ ਇਸ ਉੱਤੇ ਕਾਬੂ ਪਾ ਲਿਆ ਗਿਆ। ਖਬਰ ਲਿਖੇ ਜਾਣ ਤੱਕ ਕ੍ਰਿਊ ਅਜੇ ਵੀ ਸੁਲਘ ਰਹੀ ਅੱਗ ਉੱਤੇ ਕਾਬੂ ਪਾਉਣ ਉੱਤੇ ਲੱਗਿਆ ਹੋਇਆ ਸੀ। ਰਿਜ਼ੀ ਵੱਲੋਂ ਅੱਗ ਲੱਗਣ ਦੇ ਕਾਰਨਾਂ ਬਾਰੇ ਜਾਣਕਾਰੀ ਨਹੀਂ ਦਿੱਤੀ ਗਈ ਪਰ ਉਨ੍ਹਾਂ ਆਖਿਆ ਕਿ ਅੱਗ ਸ਼ੱਕੀ ਸੀ। ਉਨ੍ਹਾਂ ਇਹ ਵੀ ਦੱਸਿਆ ਕਿ ਮਾਮਲੇ ਦੀ ਜਾਂਚ ਪੀਲ ਰੀਜਨਲ ਪੁਲਿਸ ਹਵਾਲੇ ਕਰ ਦਿੱਤੀ ਗਈ ਹੈ।

## ਕਈ ਟੀਨੇਜਰਜ਼ ਨੇ 16 ਸਾਲਾ ਲੜਕੇ ਉੱਤੇ ਕੀਤਾ ਹਮਲਾ, ਤੋੜੀ ਬਾਂਹ



ਓਨਟਾਰੀਓ, 12 ਮਾਰਚ (ਪੋਸਟ ਬਿਊਰੋ) : ਵਿੰਡਸਰ, ਓਨਟਾਰੀਓ ਦਾ ਇੱਕ 16 ਸਾਲਾ ਲੜਕਾ ਆਪਣੇ ਦੋਸਤਾਂ ਨਾਲ ਰਾਤ ਸਮੇਂ ਇੱਕ ਮਾਲ ਵਿੱਚ ਘੁੰਮਣ ਗਿਆ ਸੀ ਜਦੋਂ ਕੁੱਝ ਹੋਰਨਾਂ ਟੀਨੇਜਰਜ਼ ਨੇ ਉਸ ਉੱਤੇ ਹਮਲਾ ਕਰ ਦਿੱਤਾ।

ਆਪਣੇ ਦੋਸਤਾਂ ਨਾਲ ਘੁੰਮਣ ਫਿਰਨ ਤੋਂ ਬਾਅਦ ਲੜਕਾ ਬੱਸ ਸਟੌਪ ਉੱਤੇ ਬੱਸ ਦਾ ਇੰਤਜ਼ਾਰ ਕਰ ਰਿਹਾ ਸੀ ਜਦੋਂ ਟੀਨੇਜਰਜ਼ ਦੇ ਇੱਕ ਗਰੁੱਪ ਨੇ ਉਸ ਕੋਲ ਆ ਕੇ ਲੜਨ ਦੀ ਮੰਗ ਕੀਤੀ। ਜਦੋਂ ਉਸ ਟੀਨੇਜਰ ਨੇ ਉੱਥੋਂ ਭੱਜਣ ਦੀ ਕੋਸ਼ਿਸ਼ ਕੀਤੀ ਤਾਂ ਟੀਨੇਜਰਜ਼ ਦੇ ਇੱਕ ਹੋਰ ਗਰੁੱਪ ਨੇ ਆ ਕੇ ਉਸ ਨੂੰ ਰੋਕ ਦਿੱਤਾ। ਫਿਰ ਦੋਵਾਂ ਗਰੁੱਪਾਂ ਨੇ ਉਸ ਨੂੰ ਕੁੱਟਣਾ ਮਾਰਨਾ ਸ਼ੁਰੂ ਕਰ ਦਿੱਤਾ।ਇਹ ਵੀ ਪਤਾ ਲੱਗਿਆ ਹੈ ਕਿ ਲੜਕੇ ਨੂੰ ਲੈਵਲ ਵੰਨ ਆਟਿਜ਼ਮ ਸੀ।

ਇਸ ਹਮਲੇ ਦੌਰਾਨ ਆਪਣੇ ਸਿਰ ਨੂੰ ਬਚਾਉਣ ਦੇ ਚੱਕਰ ਵਿੱਚ ਉਸ ਦੀ ਬਾਂਹ ਟੁੱਟ ਗਈ।ਪਰ ਉਸ ਨੂੰ ਕੋਈ ਬ੍ਰੇਨ ਇੰਜਰੀ ਨਹੀਂ ਹੋਈ। ਬੱਸ ਦੇ ਡਰਾਈਵਰ ਵੱਲੋਂ 911 ਉੱਤੇ ਕਾਲ ਕਰਕੇ ਪੁਲਿਸ ਨੂੰ ਸੱਦਿਆ ਗਿਆ ਤੇ ਹੁਣ ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ। ਇਸ ਹਮਲੇ ਦਾ ਵੀਡੀਓ ਸੋਸ਼ਲ ਮੀਡੀਆ ਉੱਤੇ ਸਰਕੂਲੇਟ ਹੋ ਰਿਹਾ ਹੈ, ਜਿਸ ਵਿੱਚ ਨਜ਼ਰ ਆ ਰਿਹਾ ਹੈ ਕਿ ਇਸ ਹਮਲੇ ਵਿੱਚ ਘੱਟੋ ਘੱਟ 17 ਟੀਨੇਜਰਜ਼ ਸ਼ਾਮਲ ਸਨ।

## ਇਟੋਬੀਕੋ ਦੇ ਡੰਪਸਟਰ ਵਿੱਚੋਂ ਮਿਲੀ 15 ਸਾਲਾ ਲੜਕੇ ਦੀ ਲਾਸ਼

ਇਟੋਬੀਕੋ, 12 ਮਾਰਚ (ਪੋਸਟ ਬਿਊਰੋ) : ਕੈਂਬ੍ਰਿਜ ਦੇ ਇੱਕ 15 ਸਾਲਾ ਲਾਪਤਾ ਟੀਨੇਜਰ ਦੀ ਲਾਸ਼ ਇਟੋਬੀਕੋ ਦੇ ਡੰਪਸਟਰ ਵਿੱਚੋਂ ਮਿਲੀ।

ਇਸ ਟੀਨੇਜਰ ਦੀ ਪਛਾਣ ਮਾਲਾਕੇ ਛੇਵਰੀਅਰ ਵਜੋਂ ਹੋਈ ਹੈ। ਲੜਕੇ ਦੀ ਲਾਸ਼ ਪਹਿਲੀ ਮਾਰਚ ਨੂੰ ਸਾਊਥ ਈਟੋਬੀਕੋ ਦੀ ਵੇਸਟ ਮੈਨੇਜਮੈਂਟ ਫੈਸਿਲਿਟੀ ਵਿੱਚੋਂ ਮਿਲੀ। ਜਾਂਚਕਾਰਾਂ ਨੇ ਦੱਸਿਆ ਕਿ ਲਾਸ਼ ਨੂੰ ਗਾਰਬੇਜ ਟਰੱਕ ਰਾਹੀਂ ਉੱਥੇ ਲਿਆਂਦਾ ਗਿਆ। ਮਾਲਾਕੇ ਦੀਆਂ ਅੰਤਿਮ ਰਸਮਾਂ ਨਿਭਾਉਣ ਲਈ ਪਰਿਵਾਰ ਵੱਲੋਂ ਘੋਂਨਦੰਏ ਪਅਗਏ ਕਾਇਮ ਕੀਤਾ ਗਿਆ ਹੈ।



ਮਾਲਾਕੇ ਦੀ ਮਾਂ ਬ੍ਰੈਂਡੀ ਜੈਸਿਕਾ ਨੇ ਫੇਸਬੁੱਕ ਪੋਸਟ ਉੱਤੇ ਦੱਸਿਆ ਕਿ ਉਹ 26 ਫਰਵਰੀ ਤੋਂ ਹੀ ਲਾਪਤਾ ਸੀ। ਵਾਟਰਲੂ ਰੀਜਨਲ ਪੁਲਿਸ ਨੇ ਸੋਸ਼ਲ ਮੀਡੀਆ ਉੱਤੇ ਪੋਸਟ ਕੀਤਾ ਹੈ ਕਿ ਮਾਲਾਕੇ 4 ਮਾਰਚ ਤੋਂ ਲਾਪਤਾ ਹੈ ਤੇ 7 ਮਾਰਚ ਨੂੰ ਪੁਲਿਸ ਨੇ ਇਹ ਵੀ ਲਿਖਿਆ ਕਿ ਉਨ੍ਹਾਂ ਵੱਲੋਂ ਹੁਣ ਇਸ ਟੀਨੇਜਰ ਦੀ ਭਾਲ ਨਹੀਂ ਕੀਤੀ ਜਾ ਰਹੀ।ਮਾਮਲੇ ਦੀ ਜਾਂਚ ਵਾਟਰਲੂ ਰੀਜਨਲ ਪੁਲਿਸ ਨੇ ਆਪਣੇ ਹੱਥ ਲੈ ਲਈ ਹੈ।

## ਅਰੁਣਾਚਲ ਪ੍ਰਦੇਸ਼ ਦੇ ਪ੍ਰਧਾਨ ਮੰਤਰੀ ਨੇ ਦੌਰੇ 'ਤੇ ਚੀਨ ਦੇ ਇਤਰਾਜ਼ ਨੂੰ ਭਾਰਤ ਨੇ ਕੀਤਾ ਖਾਰਜ

ਨਵੀਂ ਦਿੱਲੀ, 12 ਮਾਰਚ (ਪੋਸਟ ਬਿਊਰੋ): ਭਾਰਤੀ ਪ੍ਰਧਾਨ ਮੰਤਰੀ ਦੀ ਹਾਲੀਆ ਅਰੁਣਾਚਲ ਪ੍ਰਦੇਸ਼ ਯਾਤਰਾ 'ਤੇ ਚੀਨ ਦੇ ਇਤਰਾਜ਼ ਦਾ ਭਾਰਤ ਨੇ ਕਰਾਰਾ ਜਵਾਬ ਦਿੱਤਾ ਹੈ। ਚੀਨ ਨੂੰ ਸਖ਼ਤ ਸਲਾਹ ਦਿੰਦੇ ਹੋਏ ਭਾਰਤ ਨੇ ਉਸ ਦੇ ਇਤਰਾਜ਼ ਨੂੰ ਪੂਰੀ ਤਰ੍ਹਾਂ ਰੱਦ ਕਰ ਦਿੱਤਾ ਹੈ। ਪ੍ਰਧਾਨ ਮੰਤਰੀ ਮੋਦੀ ਦੇ ਹਾਲੀਆ ਦੌਰੇ 'ਤੇ ਚੀਨੀ ਇਤਰਾਜ਼ ਨੂੰ ਜ਼ੋਰਦਾਰ ਢੰਗ ਨਾਲ ਰੱਦ ਕਰਦੇ ਹੋਏ, ਉਨ੍ਹਾਂ ਨੇ ਮੰਗਲਵਾਰ ਨੂੰ ਕਿਹਾ ਕਿ 'ਅਰੁਣਾਚਲ ਪ੍ਰਦੇਸ਼ ਭਾਰਤ ਦਾ ਅਟੁੱਟ ਅਤੇ ਅਟੁੱਟ ਹਿੱਸਾ ਸੀ, ਹੈ ਅਤੇ ਰਹੇਗਾ।



ਇਸ ਸਬੰਧ 'ਚ ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਕਿਹਾ ਕਿ ਭਾਰਤ ਪਹਿਲਾਂ ਹੀ ਚੀਨ ਨੂੰ ਆਪਣੇ ਅਡੋਲ ਰੁਖ ਤੋਂ ਜਾਣੂ ਕਰ ਚੁੱਕਾ ਹੈ। ਉਨ੍ਹਾਂ ਕਿਹਾ ਕਿ ਭਾਰਤੀ ਨੇਤਾਵਾਂ ਵੱਲੋਂ ਅਰੁਣਾਚਲ ਪ੍ਰਦੇਸ਼ ਦੇ ਅਜਿਹੇ ਦੌਰਿਆਂ ਜਾਂ ਸੂਬੇ ਵਿਚ ਭਾਰਤ ਦੇ ਵਿਕਾਸ ਪ੍ਰੋਜੈਕਟਾਂ 'ਤੇ ਇਤਰਾਜ਼ ਕਰਨ ਦਾ ਕੋਈ ਵੀ ਤਰਕਸੰਗਤ ਨਹੀਂ ਹੈ। ਉਨ੍ਹਾਂ ਕਿਹਾ ਕਿ ਅਸੀਂ ਪੀਐੱਮ ਮੋਦੀ ਦੇ ਅਰੁਣਾਚਲ ਪ੍ਰਦੇਸ਼ ਦੌਰੇ ਨੂੰ ਲੈ ਕੇ ਚੀਨੀ ਪੱਖ ਵੱਲੋਂ ਕੀਤੀਆਂ ਗਈਆਂ ਟਿੱਪਣੀਆਂ ਨੂੰ ਰੱਦ ਕਰਦੇ ਹਾਂ।

ਦਰਅਸਲ, ਸੋਮਵਾਰ ਨੂੰ ਚੀਨ ਨੇ ਪ੍ਰਧਾਨ ਮੰਤਰੀ ਮੋਦੀ ਦੇ ਪਿਛਲੇ ਹਫ਼ਤੇ ਅਰੁਣਾਚਲ ਦੌਰੇ ਅਤੇ ਉੱਥੇ ਵਿਕਾਸ ਕਾਰਜਾਂ ਲਈ ਫੰਡਾਂ ਦੇ ਐਲਾਨ 'ਤੇ ਵਿਰੋਧ ਦਰਜ ਕਰਵਾਇਆ ਸੀ, ਜਿਸ ਦਾ ਭਾਰਤ ਨੇ ਸਖ਼ਤ ਵਿਰੋਧ ਕੀਤਾ ਅਤੇ ਚੀਨ ਦੇ ਇਤਰਾਜ਼ ਨੂੰ ਪੂਰੀ ਤਰ੍ਹਾਂ ਖਾਰਜ ਕਰ ਦਿੱਤਾ। ਚੀਨ ਨੇ ਇਹ ਕਹਿ ਕੇ ਇਸ ਖੇਤਰ 'ਤੇ ਆਪਣਾ ਦਾਅਵਾ ਦੁਬਾਰਾ ਜਤਾਇਆ ਸੀ ਕਿ ਭਾਰਤ ਦੇ ਇਸ ਕਦਮ ਨਾਲ ਸਰਹੱਦੀ ਵਿਵਾਦ ਹੋਰ ਗੁੰਝਲਦਾਰ ਹੋ ਜਾਵੇਗਾ, ਜਿਸ ਨੂੰ ਭਾਰਤ ਨੇ ਰੱਦ ਕਰ ਦਿੱਤਾ।

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

MagGas Medical Brampton
MGM
MAGGAS MEDICAL INC.
Helping you breathe deep and rest easy.
- CPAP ਮਸ਼ੀਨ, ਮਾਸਕ ਅਤੇ ਸਪਲਾਈ
- ਮੁਫ਼ਤ ਸਲਾਹ
- ਓਨਟਾਰੀਓ ਡਿਸਏਬਿਲਟੀ ਸਪੋਰਟ ਪ੍ਰੋਗਰਾਮ ਲਈ
- ਓਨਟਾਰੀਓ ਵਰਕਸ ਲਈ ਮੁਫ਼ਤ
- ਮੁਫ਼ਤ ਡਿਲੀਵਰੀ
(647) 954-9885
20 Maritime Ont Blvd Unit 15
Brampton, ON L6S 0C2

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca 416-502-3100 Unit #20 - 7015 Tranmere Drive Mississauga, ON L5S 1T7

Royal Pest Control
Residential Commercial Industrial
Specialist in Bedbugs Service
All Pest Control :
- Mouse & Rats - Spiders & Fleas - Bedbugs - Wasps
- Cockroaches - Carpenter Ants - Silver Fish - Racoons
Call : PARESH PATEL
(Government Approved Licensed Technician)
416 938 4598

KELLEY LAW OFFICE
- Immigration - Real Estate
- Family Law - Business Closing
- Corporate - Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
- Real Estate Law - Business Law
- Wills & Estates - Family Law
- Power of Attorney - Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਅੱਜ ਨਾਮਾ

ਕੁਰਸੀ ਖੱਟਰ ਮਨੋਹਰ ਦੀ ਇੰਜ ਖਿਸਕੀ,
ਰਾਜਸੀ ਦਰਸ਼ਕ ਵੀ ਹੋਏ ਹੈਰਾਨ ਮੀਆਂ।
ਪਿਛਲੇ ਦਿਨ ਤਾਂ ਮੋਦੀ ਸੀ ਸਿਫਤ ਕੀਤੀ,
ਆਇਆ ਅੱਜ ਹੈ ਨਵਾਂ ਫੁਰਮਾਨ ਮੀਆਂ।
ਨਾਇਬ ਸਿੰਘ ਦਾ ਜਿੰਦਾਂ ਹੈ ਪਿਆ ਨੌਂਗਾ,
ਲਿਆ ਹੈ ਲੋਕਾਂ ਦਾ ਖਿੱਚ ਧਿਆਨ ਮੀਆਂ।
ਕਰਨਾ ਉਹਨੂੰ ਹੈ ਅਜੇ ਯਕੀਨ ਮੁਸ਼ਕਲ,
ਬਣਿਆ ਬੰਦਾ ਹੈ ਕਿਵੇਂ ਸੁਲਤਾਨ ਮੀਆਂ।
ਪੁਰਾਣੇ ਕਈਆਂ ਨੂੰ ਚੜ੍ਹੀ ਆ ਕੌੜ ਚੋਖੀ,
ਇੱਕ ਤਾਂ ਰੁੱਸ ਕੇ ਗਿਆ ਹੈ ਚਲਾ ਮੀਆਂ।
ਬੋਲਣ ਜੋਗਾ ਨਾ ਹੋਰ ਕੋਈ ਬਾਕੀਆਂ'ਚੋਂ,
ਜਾਣਦੇ ਚੁੱਪ ਹੀ ਰਹਿਣ ਦਾ ਭਲਾ ਮੀਆਂ।

**ਤੀਸ ਮਾਰ ਖਾਂ**

# ਵਿਕਾਸ ਪ੍ਰਾਜੈਕਟਾਂ ਦੀ ਸ਼ੁਰੂਆਤ ਵੇਲੇ ਸੂਬਾ ਸਰਕਾਰ ਨੂੰ ਨਜ਼ਰਅੰਦਾਜ਼ ਕਰ ਕੇ ਪੰਜਾਬ ਦੇ ਲੋਕਾਂ ਦਾ ਨਿਰਾਦਰ ਕਰ ਰਹੀ ਹੈ ਕੇਂਦਰ ਸਰਕਾਰ : ਮੁੱਖ ਮੰਤਰੀ

### ਪ੍ਰਧਾਨ ਮੰਤਰੀ ਹਰੇਕ ਚੀਜ਼ ਦਾ ਸਿਹਰਾ ਲੈਣ ਦੀ ਖ਼ਬਤ ਦਾ ਸ਼ਿਕਾਰ, ਸਾਰੀਆਂ ਸਿਆਸੀ ਪਾਰਟੀਆਂ ਨੂੰ ਫੁੱਟ-ਪਾਊ ਰਾਜਨੀਤੀ ਦੇ ਏਜੰਡੇ ਤੋਂ ਦੂਰ ਰਹਿਣ ਦੀ ਅਪੀਲ

ਚੰਡੀਗੜ੍ਹ, 12 ਮਾਰਚ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵੱਲੋਂ ਸੂਬੇ ਦੇ ਵਿਕਾਸ ਪ੍ਰਾਜੈਕਟਾਂ ਨਾਲ ਸਬੰਧਤ ਸਮਾਗਮਾਂ ਵਿੱਚ ਚੁਣੀ ਹੋਈ ਸੂਬਾ ਸਰਕਾਰ ਨੂੰ ਨਜ਼ਰਅੰਦ-ਾਜ਼ ਕਰ ਕੇ ਪੰਜਾਬ ਦੇ ਲੋਕਾਂ ਦੇ ਫ਼ਤਵੇ ਦਾ ਅਪਮਾਨ ਕੀਤਾ ਜਾ ਰਿਹਾ ਹੈ।

ਪੰਜਾਬ ਵਿਧਾਨ ਸਭਾ ਦੇ ਸੈਸ਼ਨ ਦੌਰਾਨ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸੂਬੇ ਦੇ ਸੱਤ ਰੇਲਵੇ ਸਟੇਸ਼ਨਾਂ ਨੂੰ ਅਪਗ੍ਰੇਡ ਕਰਨ ਦੇ ਕੰਮ ਦਾ ਉਦਘਾਟਨ ਕਰ ਰਹੇ ਹਨ ਪਰ ਬਦਕਿਸਮਤੀ ਨਾਲ ਪੰਜਾਬ ਦੇ ਲੋਕਾਂ ਅਤੇ ਪੰਜਾਬ ਸਰਕਾਰ ਨੂੰ ਇਸ ਲਈ ਸੱਦਾ ਨਹੀਂ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਹੈਰਾਨੀ ਦੀ ਗੱਲ ਹੈ ਕਿ ਦੇਸ਼ ਦੇ ਪ੍ਰਧਾਨ ਮੰਤਰੀ ਮੀਡੀਆ ਸਾਹਮਣੇ ਫੋਕੀ ਸ਼ੋਹਰਤ ਹਾਸਲ ਕਰਨ ਲਈ ਬਹੁਤ ਨੀਵਾਂ ਡਿੱਗ ਰਹੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਦੇ ਵਿਕਾਸ ਨੂੰ ਦਰਸਾਉਣ ਵਾਲੇ ਸਮਾਗਮਾਂ ਦੇ ਇਸ ਤਰ੍ਹਾਂ ਦੇ ਸਿਆਸੀਕਰਨ ਤੋਂ ਬਚਣਾ ਚਾਹੀਦਾ ਹੈ ਕਿਉਂਕਿ ਇਹ ਦੇਸ਼ ਦੇ ਹਿੱਤ ਵਿੱਚ ਨਹੀਂ ਹੈ, ਉਨ੍ਹਾਂ ਕਿਹਾ ਕਿ ਇਹ ਆਪਣੀ ਸਰਕਾਰ ਚੁਣਨ ਵਾਲੇ ਤਿੰਨ ਕਰੋੜ ਲੋਕਾਂ ਦੇ ਫਤਵੇ ਦਾ ਘੋਰ ਅਪਮਾਨ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਮੰਦਭਾਗਾ ਹੈ ਕਿ ਦੇਸ਼ ਦੀ ਸਿਖਰਲੀ ਲੀਡਰਸ਼ਿਪ 'ਕੰਮਾਂ ਦਾ ਸਿਹਰਾ' ਲੈਣ ਲਈ ਅਜਿਹੇ ਹੋਛੇ ਉਧੇੜ-ਬੁਣ ਵਿੱਚ ਉਲਝੀ ਹੋਈ ਹੈ। ਉਨ੍ਹਾਂ ਕਿਹਾ ਕਿ ਸੂਬੇ ਦੇ ਲੋਕ ਬਹੁਤ ਸੂਝਵਾਨ ਹਨ ਅਤੇ ਉਹ ਚੰਗੀ ਤਰ੍ਹਾਂ ਜਾਣਦੇ ਹਨ ਕਿ ਜ਼ਮੀਨੀ ਪੱਧਰ 'ਤੇ ਕੇਂਦਰ ਸਰਕਾਰ ਵੱਲੋਂ ਉਨ੍ਹਾਂ ਲਈ ਕੁਝ ਵੀ ਠੋਸ ਨਹੀਂ ਕੀਤਾ ਗਿਆ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹੁਣ ਜਦੋਂ ਚੋਣਾਂ ਨੇੜੇ ਆ ਰਹੀਆਂ ਹਨ ਤਾਂ ਲੋਕਾਂ ਨੂੰ ਗੁਮ-ਰਾਹ ਕਰਨ ਲਈ ਤਰ੍ਹਾਂ-ਤਰ੍ਹਾਂ ਦੇ ਹੱਥਕੰਡੇ ਵਰਤੇ ਜਾ ਰਹੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਮੋਦੀ ਸਰਕਾਰ ਪੰਜਾਬ ਵਿਰੋਧੀ ਖ਼ਬਤ ਦਾ ਸ਼ਿਕਾਰ ਰਹੀ ਹੈ, ਜਿਸ ਕਾਰਨ ਉਹ ਸੂਬੇ ਨੂੰ ਬਰਬਾਦ ਕਰਨ 'ਤੇ ਤੁਲੀ ਹੋਈ ਹੈ। ਭਗਵੰਤ ਸਿੰਘ ਮਾਨ ਨੇ ਸੂਬੇ ਨਾਲ ਮਤਰੇਈ ਮਾਂ ਵਾਲਾ ਸਲੂਕ ਕਰਨ ਲਈ ਕੇਂਦਰ ਸਰਕਾਰ ਦੀ ਆਲੋਚਨਾ ਕਰਦਿਆਂ ਕਿਹਾ ਕਿ ਇਹ ਗੈਰਵਾਜਬ ਹੈ। ਉਨ੍ਹਾਂ ਆਰ.ਡੀ.ਐਫ. ਅਤੇ ਐਨ.ਐਚ.ਐਮ. ਦੇ ਫੰਡ ਰੋਕਣ ਲਈ ਕੇਂਦਰ ਸਰਕਾਰ ਦੀ ਨਿਖੇਧੀ ਕੀਤੀ, ਜਿਸ ਨਾਲ ਸੂਬੇ ਦੇ ਵਿਕਾਸ ਵਿੱਚ ਅੜਿੱਕੇ ਡਾਹੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਅੱਠ ਹਜ਼ਾਰ ਕਰੋੜ ਰੁਪਏ ਤੋਂ ਵੱਧ ਦੇ ਫੰਡਾਂ ਨੂੰ ਗਲਤ ਤਰੀਕੇ ਨਾਲ ਰੋਕਿਆ ਗਿਆ ਹੈ, ਜੋ ਸੂਬੇ ਨਾਲ ਸਰਾਸਰ ਧੱਕਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਲੋਕਾਂ ਦੀ ਭਲਾਈ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ,



ਜਿਸ ਲਈ ਵੱਡੇ ਪੱਧਰ 'ਤੇ ਕਦਮ ਚੁੱਕੇ ਗਏ ਹਨ। ਉਨ੍ਹਾਂ ਕਿਹਾ ਕਿ ਸੂਬੇ ਦੇ ਇਤਿਹਾਸ ਵਿੱਚ ਪਹਿਲੀ ਵਾਰ ਲੋਕਾਂ ਦੀ ਭਲਾਈ ਲਈ ਲੋਕਾਂ ਨਾਲ ਸਲਾਹ-ਮਸ਼ਵਰਾ ਕਰ ਕੇ ਨੀਤੀਆਂ ਬਣਾਈਆਂ ਜਾ ਰਹੀਆਂ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਪੰਜਾਬ ਦੇ ਕੋਨੇ-ਕੋਨੇ ਦਾ ਦੌਰਾ ਕਰ ਕੇ ਸਮਾਜ ਦੇ ਵੱਖ-ਵੱਖ ਵਰਗਾਂ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਪਹਿਲਾਂ ਸਰਕਾਰ-ਕਿਸਾਨ ਮਿਲਣੀਆਂ ਕਾਰਵਾਈਆਂ ਗਈਆਂ ਸਨ, ਜਿਸ ਤੋਂ ਬਾਅਦ ਕਿਸਾਨਾਂ ਨਾਲ ਸਲਾਹ-ਮਸ਼ਵਰਾ ਕਰਕੇ ਸੂਬੇ ਦੀ ਖੇਤੀ ਬਾਰੇ ਰੂਪ-ਰੇਖਾ ਉਲੀਕੀ ਗਈ ਸੀ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵਪਾਰੀਆਂ ਅਤੇ ਉਦਯੋਗਪਤੀਆਂ ਦੇ ਲਟਕਦੇ ਮਸਲਿਆਂ ਨੂੰ ਹੱਲ ਕਰਨ ਲਈ ਸਰਕਾਰ-ਵਪਾਰ ਮਿਲਣੀਆਂ ਕਰਵਾ ਰਹੀ ਰਹੀ ਹੈ। ਭਗਵੰਤ ਸਿੰਘ ਮਾਨ ਨੇ ਵਪਾਰੀਆਂ ਤੋਂ ਪ੍ਰਾਪਤ ਸੁਝਾਵਾਂ ਅਨੁਸਾਰ ਸੂਬਾ ਸਰਕਾਰ ਵੱਲੋਂ ਵਪਾਰੀਆਂ ਦੇ ਹਿੱਤਾਂ ਦੀ ਰਾਖੀ ਲਈ ਕਈ ਅਹਿਮ ਫੈਸਲੇ ਲਏ ਗਏ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਸਿਹਤ ਬੀਮਾ ਸਕੀਮ ਦੇ ਲਾਭਾਂ ਵਿੱਚ ਵਾਧਾ ਕਰਨ ਦੀ ਵਪਾਰੀਆਂ ਦੀ ਮੰਗ ਦੇ ਮੱਦੇਨਜ਼ਰ ਸੂਬਾ ਸਰਕਾਰ ਨੇ ਮੌਜੂਦਾ ਇਕ ਕਰੋੜ ਰੁਪਏ ਦੀ ਬਜਾਏ ਦੋ ਕਰੋੜ ਰੁਪਏ ਤੱਕ ਦਾ ਕਾਰੋਬਾਰ ਕਰਨ ਵਾਲੇ ਵਪਾਰੀਆਂ ਨੂੰ ਇਸ ਸਕੀਮ ਦਾ ਲਾਭ ਦੇਣ ਦਾ ਫੈਸਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਸੂਬੇ ਦੇ ਇੱਕ ਲੱਖ ਤੋਂ ਵੱਧ ਵਪਾਰੀਆਂ ਨੂੰ ਫਾਇਦਾ ਹੋਵੇਗਾ ਕਿਉਂਕਿ ਉਹ ਇਸ ਸਕੀਮ ਤਹਿਤ 5 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਕਰਵਾ ਸਕਣਗੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਲੋਕਾਂ ਦੀ ਸਰਕਾਰ ਹੈ ਅਤੇ ਲੋਕਾਂ ਦੀ ਭਲਾਈ ਲਈ ਅਣਥੱਕ ਮਿਹਨਤ ਕਰ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਨੇ ਇੱਕ ਹੋਰ ਇਤਿਹਾਸਕ ਪਹਿਲਕਦਮੀ ਕਰਦਿਆਂ 'ਸਰਕਾਰ ਤੁਹਾਡੇ ਦੁਆਰ' ਸਕੀਮ ਸ਼ੁਰੂ ਕੀਤੀ ਹੈ, ਜਿਸ ਦਾ ਉਦੇਸ਼ ਸਰਕਾਰ ਨੂੰ ਲੋਕਾਂ ਦੇ ਬੂਹੇ 'ਤੇ ਪਹੁੰਚਾਉਣਾ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਸਰਕਾਰਾਂ ਚੰਡੀਗੜ੍ਹ ਤੋਂ ਚਲਦੀਆਂ ਸਨ ਪਰ ਹੁਣ ਪਿੰਡਾਂ ਤੋਂ ਚਲਾਈਆਂ ਜਾ ਰਹੀਆਂ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਦਾ ਇਕੋ-ਇਕ ਉਦੇਸ਼ ਸਰਕਾਰੀ ਦਫ਼ਤਰਾਂ ਵਿੱਚ ਬੈਠ ਕੇ ਕੰਮ ਚਲਾਉਣ ਦੇ ਪੁਰਾਣੇ ਰੁਝਾਨ ਦੀ ਬਜਾਏ ਅਫ਼ਸਰਾਂ ਨੂੰ ਫੀਲਡ ਵਿੱਚ ਭੇਜ ਕੇ ਲੋਕਾਂ ਦੇ ਕੰਮਕਾਜ ਨੂੰ ਯਕੀਨੀ ਬਣਾਉਣਾ ਹੈ।

ਮੁੱਖ ਮੰਤਰੀ ਨੇ ਆਪਣੇ ਨਿੱਜੀ ਹਿੱਤਾਂ ਲਈ ਸੂਬੇ ਦੇ ਸਰਮਾਏ ਨੂੰ ਬੇਰਹਿਮੀ ਨਾਲ ਲੁੱਟਣ ਲਈ ਸੂਬੇ ਦੀਆਂ ਪਿਛਲੀਆਂ ਸਰਕਾਰਾਂ ਦੀ ਆਲੋਚਨਾ ਕੀਤੀ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦਾ ਕਾਰਜਭਾਰ ਸੰਭਾਲਣ ਤੋਂ ਬਾਅਦ ਇਕ-ਇਕ ਪੈਸਾ ਸੂਬੇ ਦੇ ਵਿਕਾਸ ਅਤੇ ਲੋਕਾਂ ਦੀ ਭਲਾਈ ਲਈ ਖਰਚਿਆ ਜਾ ਰਿਹਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਸਰਕਾਰੀ ਖਜ਼ਾਨੇ ਵਿੱਚ ਹੁੰਦੀ ਲੁੱਟ ਦੀਆਂ ਚੋਰ ਮੋਰੀਆਂ ਬੰਦ ਕੀਤੀਆਂ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਲੋਕਾਂ ਦੀ ਭਲਾਈ ਲਈ ਇੱਕ-ਇੱਕ ਪੈਸਾ ਸਮਝਦਾਰੀ ਨਾਲ ਖਰਚਿਆ ਜਾਵੇ।

ਮੁੱਖ ਮੰਤਰੀ ਨੇ ਸਾਰੀਆਂ ਸਿਆਸੀ ਪਾਰਟੀਆਂ ਨੂੰ ਭਰੋਸਾ ਦਿਵਾਇਆ ਕਿ ਸੂਬੇ ਵਿੱਚ ਆਉਣ ਵਾਲੀਆਂ ਚੋਣਾਂ ਦੇ ਮੱਦੇਨਜ਼ਰ ਉਨ੍ਹਾਂ ਸਾਰਿਆਂ ਨੂੰ ਢੁਕਵੀਂ ਸੁਰੱਖਿਆ ਮੁਹੱਈਆ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਹਰ ਪਾਰਟੀ ਨੂੰ ਲੋਕਾਂ ਤੋਂ ਵੋਟਾਂ ਮੰਗਣ ਦਾ ਜਾਇਜ਼ ਹੱਕ ਹੈ ਅਤੇ ਸੂਬਾ ਸਰਕਾਰ ਸੁਰੱਖਿਆ ਅਤੇ ਸੁਖਾਵੇਂ ਮਾਹੌਲ ਨੂੰ ਯਕੀਨੀ ਬਣਾ ਕੇ ਸਾਰਿਆਂ ਨੂੰ ਬਰਾਬਰੀ ਦਾ ਮਾਹੌਲ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਭਗਵੰਤ ਸਿੰਘ ਮਾਨ ਨੇ ਸਮੂਹ ਸਿਆਸੀ ਪਾਰਟੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਵੋਟਰਾਂ ਦਾ ਫਿਰਕੂ ਆਧਾਰ 'ਤੇ ਧਰੁਵੀਕਰਨ ਕਰਨ ਦੀਆਂ ਘਟੀਆਂ ਚਾਲਾਂ ਵਿਚ ਸ਼ਾਮਲ ਨਾ ਹੋ ਕੇ ਫੁੱਟ ਪਾਊ ਰਾਜਨੀਤੀ ਦੇ ਏਜੰਡੇ ਤੋਂ ਦੂਰ ਰਹਿਣ।

ਮੁੱਖ ਮੰਤਰੀ ਨੇ ਕਿਹਾ ਕਿ ਆਉਣ ਵਾਲੀਆਂ ਚੋਣਾਂ ਲੋਕਤੰਤਰ ਦਾ ਤਿਉਹਾਰ ਹੈ ਅਤੇ ਸਾਰੀਆਂ ਸਿਆਸੀ ਪਾਰਟੀਆਂ ਅਤੇ ਲੋਕਾਂ ਨੂੰ ਇਸ ਵਿੱਚ ਪੂਰੇ ਜੋਸ਼ ਨਾਲ ਹਿੱਸਾ ਲੈਣਾ ਚਾਹੀਦਾ ਹੈ। ਸਿਆਸੀ ਵਿਰੋਧੀਆਂ ਨੂੰ ਸ਼ੁੱਭ ਕਾਮਨਾਵਾਂ ਦਿੰਦੇ ਹੋਏ ਉਨ੍ਹਾਂ ਆਸ ਪ੍ਰਗਟਾਈ ਕਿ ਇਹ ਚੋਣਾਂ ਦੇਸ਼ ਦੇ ਮਹਾਨ ਆਜ਼ਾਦੀ ਘੁਲਾਟੀਆਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਬੇਹੱਦ ਸਹਾਈ ਹੋਣਗੀਆਂ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਰਾਜਨੀਤੀ ਵਿੱਚ ਨੈਤਿਕਤਾ ਦੇ ਮੁਦਈ ਹਨ ਅਤੇ ਸਿਆਸੀ ਪਾਰਟੀਆਂ ਨੂੰ ਇੱਕ-ਦੂਜੇ ਵਿਰੁੱਧ ਚਿੱਕੜ ਉਛਾਲਣ ਅਤੇ ਨਿੱਜੀ ਹਮਲੇ ਕਰਨ ਤੋਂ ਗੁਰੇਜ਼ ਕਰ ਕੇ ਚੋਣਾਂ ਵਿੱਚ ਡਟਣਾ ਚਾਹੀਦਾ ਹੈ।

# ਮਲੋਟ ਹਲਕੇ ਦੀਆਂ ਸੰਪਰਕ ਸੜਕਾਂ ਲਈ ਸਰਕਾਰ ਵਲੋਂ ਇੱਕ ਕਰੋੜ 92 ਲੱਖ ਰੁਪਏ ਜਾਰੀ : ਡਾ ਬਲਜੀਤ ਕੌਰ

ਮਲੋਟ 12 ਮਾਰਚ (): ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪੇਂਡੂ ਖੇਤਰਾਂ ਵਿੱਚ ਸੰਪਰਕ ਸੜਕਾਂ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਇਹ ਜਾਣਕਾਰੀ ਮਲੋਟ ਹਲਕੇ ਦੇ ਵਿਧਾਇਕ ਅਤੇ ਕੈਬਨਿਟ ਮੰਤਰੀ ਡਾ ਬਲਜੀਤ ਕੌਰ ਨੇ ਦਿੱਤੀ ਹੈ। ਉਨਾਂ ਨੇ ਦੱਸਿਆ ਕਿ ਮਲੋਟ ਹਲਕੇ ਵਿੱਚ ਵੱਖ-ਵੱਖ ਪਿੰਡਾਂ ਨੂੰ ਜੋੜਦੀਆਂ ਸੰਪਰਕ ਸੜਕਾਂ ਦੀ ਮਜਬੂਤੀ ਕਰਨ ਲਈ ਇਕ ਕਰੋੜ 92 ਲੱਖ ਰੁਪਏ ਮੰਜੂਰ ਕੀਤੇ ਗਏ ਹਨ ਅਤੇ ਇਹਨਾਂ ਦਾ ਕੰਮ ਜਲਦ ਸ਼ੁਰੂ ਹੋਵੇਗਾ।



ਡਾ ਬਲਜੀਤ ਕੌਰ ਨੇ ਦੱਸਿਆ ਕਿ ਪਿੰਡ ਬਾਮ ਤੋਂ ਤਰਖਾਣ ਵਾਲਾ ਸੜਕ ਲਈ 40 ਲੱਖ ਰੁਪਏ, ਪਿੰਡ ਲੱਕੜਵਾਲਾ ਤੋਂ ਲਖਮੀਰੇ ਆਣਾ ਸੜਕ ਲਈ 40 ਲੱਖ ਰੁਪਏ, ਮੇਨ ਜੀਟੀ ਰੋਡ ਤੋਂ ਕਿੰਗਰਾ ਤੱਕ 8 ਲੱਖ ਰੁਪਏ, ਸੇਖੂ ਜੰਡਵਾਲਾ ਤੋਂ ਮੱਲ ਕਟੋਰਾ ਤੱਕ ਸੜਕ ਲਈ 32 ਲੱਖ ਰੁਪਏ, ਅੰਦਰੂਨੀ ਸੜਕ ਪਿੰਡ ਮਲੋਟ ਲਈ 13.65 ਲੱਖ ਰੁਪਏ ਅਤੇ ਫਾਜਿਲਕਾ ਮੁਕਤਸਰ ਰੋਡ ਨੂੰ ਜੋੜਨ ਵਾਲੀ ਸੰਪਰਕ ਸੜਕ ਲਈ 14.24 ਲੱਖ ਰੁਪਏ ਅਤੇ ਤਰਖਾਣ ਵਾਲਾ ਭਲੇਰੀਆਂ ਸੜਕ ਲਈ 45 ਲੱਖ ਰੁਪਏ ਮਨਜੂਰ ਕੀਤੇ ਗਏ ਹਨ।

# ਚੇਅਰਮੈਨ ਮਾਰਕੀਟ ਕਮੇਟੀ ਵੱਲੋਂ ਹਾਦਸਾ ਗ੍ਰਸਤ ਵਿਅਕਤੀਆਂ ਨੂੰ ਚੈਕ ਵੰਡੇ

ਫ਼ਰੀਦਕੋਟ, 12 ਮਾਰਚ (ਗਿਆਨ ਸਿੰਘ): ਸ਼੍ਰੀ ਅਮਨਦੀਪ ਸਿੰਘ (ਬਾਬਾ) ਚੇਅਰਮੈਨ ਮਾਰਕੀਟ ਕਮੇਟੀ, ਫਰੀਦਕੋਟ ਵੱਲੋਂ ਪੰਜਾਬ ਸਰਕਾਰ ਦੁਆਰਾ ਚਲਾਈ ਜਾ ਰਹੀ ਕਿਸਾਨ ਮਜਦੂਰ ਹਾਦਸਾ ਭਲਾਈ ਯੋਜਨਾ ਤਹਿਤ ਵੱਖ-ਵੱਖ ਹਾਦਸਾ ਗ੍ਰਸਤ ਵਿਅਕਤੀਆਂ ਨੂੰ ਦੇਣ ਯੋਗ ਵਿੱਤੀ ਸਹਾਇਤਾ ਦੇ ਚੈਕ ਤਕਸੀਮ ਕੀਤੇ ਗਏ।



ਉਨ੍ਹਾਂ ਵੱਲੋਂ ਦੱਸਿਆ ਗਿਆ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਦੀ ਅਗਵਾਈ ਵਾਲੀ ਸਰਕਾਰ ਦਾ ਸ਼ੁਰੂ ਤੋਂ ਹੀ ਮੁੱਖ ਟੀਚਾ ਰਿਹਾ ਹੈ ਕਿ ਪੰਜਾਬ ਦੇ ਹਰ ਵਰਗ ਦੀ ਹਰ ਪੱਖ ਤੋਂ ਸਹਾਇਤਾ ਕੀਤੀ ਜਾਵੇ। ਉਸ ਦੇ ਲਈ ਪੰਜਾਬ ਸਰਕਾਰ ਦੀ ਹਰ ਸੰਭਵ ਕੋਸ਼ਿਸ਼ ਕਰ ਰਹੀ
ਹੈ। ਪੰਜਾਬ ਸਰਕਾਰ ਸੂਬੇ ਦੇ ਕਿਸਾਨਾ ਅਤੇ ਮਜਦੂਰਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ ਅਤੇ ਹਰ ਸਮੇਂ ਉਨ੍ਹਾਂ ਦੀ ਭਲਾਈ ਲਈ ਯਤਨਸ਼ੀਲ ਹੈ।

ਉਨ੍ਹਾਂ ਕਿਹਾ ਕਿ ਆਪ ਸਰਕਾਰ ਆਮ ਆਦਮੀ ਵੱਲੋਂ ਚੁਣੀ ਗਈ, ਆਮ ਲੋਕਾਂ ਦੀ ਆਪਣੀ ਸਰਕਾਰ ਹੈ ਅਤੇ ਪੰਜਾਬ ਸਰਕਾਰ ਵੱਲੋਂ ਹਰ ਇੱਕ ਲੋੜਵੰਦ ਇਨਸਾਨ ਦੀ ਲੋੜ ਮੁਤਾਬਿਕ ਮਦਦ ਕੀਤੀ ਜਾ ਰਹੀ ਹੈ। ਇਸੇ ਮੰਤਵ ਦੀ ਪੂਰਤੀ ਲਈ ਅੱਜ ਪੰਜਾਬ ਸਰਕਾਰ ਦੁਆਰਾ ਚਲਾਈ ਜਾ ਰਹੀ
ਕਿਸਾਨ ਮਜਦੂਰ ਹਾਦਸਾ ਭਲਾਈ ਯੋਜਨਾ ਤਹਿਤ ਵੱਖ-ਵੱਖ ਹਾਦਸਾ ਗ੍ਰਸਤ ਵਿਅਕਤੀਆਂ ਨੂੰ ਚੈਕ ਤਕਸੀਮ ਕੀਤੇ ਗਏ ਹਨ।
ਇਸ ਮੌਕੇ ਤੇ ਸਕੱਤਰ ਮਾਰਕਿਟ ਕਮੇਟੀ, ਫਰੀਦਕੋਟ ਅਤੇ ਸਮੂਹ ਸਟਾਫ ਵੀ ਹਾਜਰ ਸੀ।

**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**












# ਪਨਗ੍ਰੇਨ ਨੂੰ 25.34 ਲੱਖ ਰੁਪਏ ਨੁਕਸਾਨ ਪਹੁੰਚਾਉਣ ਦੇ ਦੋਸ਼ ਹੇਠ ਮਾਨਸਾ ਦਾ ਖੁਰਾਕ ਤੇ ਜਨਤਕ ਵੰਡ ਅਧਿਕਾਰੀ ਵਿਜੀਲੈਂਸ ਵੱਲੋਂ ਕਾਬੂ

ਚੰਡੀਗੜ੍ਹ 12 ਮਾਰਚ (ਪੋਸਟ ਬਿਊਰੋ): ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਦੀ ਖਰੀਦ ਏਜੰਸੀ ਪਨਗ੍ਰੇਨ ਨੂੰ 25.34 ਲੱਖ ਰੁਪਏ ਦਾ ਵਿੱਤੀ ਨੁਕਸਾਨ ਪਹੁੰਚਾਉਣ ਦੇ ਦੋਸ਼ ਹੇਠ ਮਾਨਸਾ ਵਿਖੇ ਤਾਇਨਾਤ ਖੁਰਾਕ ਤੇ ਜਨਤਕ ਵੰਡ ਅਧਿਕਾਰੀ ਬਲਦੇਵ ਰਾਜ ਵਰਮਾ, ਜੋ ਹੁਣ ਜ਼ਿਲ੍ਹਾ ਖੁਰਾਕ ਅਤੇ ਸਿਵਲ ਸਪਲਾਈ ਕੰਟਰੋਲਰ ਵਜੋਂ ਸੇਵਾ ਨਿਭਾਅ ਰਹੇ ਹਨ, ਨੂੰ ਗ੍ਰਿਫ਼ਤਾਰ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਅੱਜ ਇੱਥੇ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਅਧਿਕਾਰੀ ਵਿਰੁੱਧ ਦਰਜ ਦੋ ਸ਼ਿਕਾਇਤਾਂ ਦੀ ਪੜਤਾਲ ਕਰਨ ਉਪਰੰਤ ਇਹ ਮਾਮਲਾ ਦਰਜ ਕੀਤਾ ਗਿਆ ਹੈ।

ਵਧੇਰੇ ਜਾਣਕਾਰੀ ਦਿੰਦਿਆਂ ਉਹਨਾਂ ਦੱਸਿਆ ਕਿ ਸਾਉਣੀ ਸੀਜ਼ਨ 2017-18 ਦੌਰਾਨ ਸੂਬਾ ਸਰਕਾਰ ਨੇ ਕਸਟਮ ਮਿਲਿੰਗ ਨੀਤੀ ਲਾਗੂ ਕੀਤੀ ਸੀ, ਜਿਸ ਅਨੁਸਾਰ ਖਰੀਦ ਕੇਂਦਰਾਂ ਜਾਂ ਅਨਾਜ ਮੰਡੀਆਂ ਦੇ ਅਧਿਕਾਰ ਖੇਤਰ ਵਿੱਚ ਸਥਿਤ ਪ੍ਰਵਾਨਿਤ ਰਾਈਸ ਮਿੱਲਾਂ ਨੂੰ ਇਹਨਾਂ ਅਨਾਜ ਮੰਡੀਆਂ ਨਾਲ ਜੋੜਿਆ ਜਾਣਾ ਸੀ ਅਤੇ ਝੋਨੇ ਦੇ ਭੰਡਾਰਨ ਜਾਂ ਰਾਈਸ ਸ਼ੈਲਿੰਗ ਲਈ ਵਰਤਿਆ ਜਾਣਾ ਚਾਹੀਦਾ ਹੈ। ਜੇਕਰ ਕਿਸੇ ਵੀ ਰਾਈਸ ਮਿੱਲਰ ਵੱਲੋਂ ਕਿਸੇ ਨੇੜਲੇ ਖਰੀਦ ਕੇਂਦਰ ਜਾਂ ਅਨਾਜ ਮੰਡੀ ਨਾਲ ਲਿੰਕ ਕਰਨ ਦਾ ਦਾਅਵਾ ਕੀਤਾ ਜਾਂਦਾ ਹੈ, ਤਾਂ ਇਸ ਸਬੰਧੀ ਫੀਲਡ ਸਟਾਫ ਤੋਂ ਰਿਪੋਰਟ ਲੈਣੀ ਸੀ ਅਤੇ ਲਿੰਕਡ ਰਾਈਸ ਮਿੱਲ ਨੂੰ ਵਾਧੂ ਟਰਾਂਸਪੋਰਟੇਸ਼ਨ ਖਰਚੇ ਦੇਣੇ ਸੀ।

ਬੁਲਾਰੇ ਨੇ ਅੱਗੇ ਦੱਸਿਆ ਕਿ ਜਾਂਚ ਦੌਰਾਨ ਮਾਨਸਾ ਵਿਖੇ ਪਨਗ੍ਰੇਨ ਨੂੰ ਅਲਾਟ ਕੀਤੇ ਗਏ ਰਾਈਸ ਸ਼ੈਲਰਾਂ ਵਿੱਚ ਝੋਨੇ ਦੇ ਭੰਡਾਰਨ ਸਬੰਧੀ ਪ੍ਰਾਪਤ ਵੇਰਵਿਆਂ ਤੋਂ ਪਤਾ ਲੱਗਾ ਹੈ ਕਿ ਗੁਰੂ ਰਾਈਸ ਮਿੱਲ ਨੂੰ 4500 ਮੀਟ੍ਰਿਕ ਟਨ ਝੋਨਾ ਅਲਾਟ ਕੀਤਾ ਗਿਆ ਸੀ ਪਰ ਇਸ ਵਿੱਚ ਸਿਰਫ 3824 ਮੀਟ੍ਰਿਕ ਟਨ ਝੋਨਾ ਹੀ ਸਟੋਰ ਕੀਤਾ ਗਿਆ ਸੀ। ਸ਼ੁਰੂਆਤੀ ਖਰੀਦ ਦੌਰਾਨ ਸਥਾਨਕ ਰਾਈਸ ਮਿੱਲਾਂ ਦੀ ਝੋਨੇ ਦੀ ਲੋੜੀਂਦੀ ਸਟੋ-ਰੇਜ ਸਮਰੱਥਾ ਪੂਰੀ ਨਹੀਂ ਹੋ ਸਕੀ ਕਿਉਂਕਿ



ਝੋਨਾ ਜੋਗਾ ਖਰੀਦ ਕੇਂਦਰ ਤੋਂ ਦੂਰ ਸਥਿਤ ਰਾਈਸ ਮਿੱਲਾਂ ਵਿੱਚ ਪਹੁੰਚਾਇਆ ਗਿਆ ਸੀ। ਇਸ ਤਰ੍ਹਾਂ ਸਰਕਾਰ ਨੂੰ ਟਰਾਂਸਪੋਰਟੇਸ਼ਨ ਖਰਚਿਆਂ ਕਾਰਨ ਵਿੱਤੀ ਨੁਕਸਾਨ ਝੱਲਣਾ ਪਿਆ ਸੀ।

ਉਨ੍ਹਾਂ ਅੱਗੇ ਦੱਸਿਆ ਕਿ ਉਕਤ ਬਲਦੇਵ ਰਾਜ ਵਰਮਾ, ਕਾਰਜਕਾਰੀ ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਮਾਨਸਾ ਨੇ ਆਪਣੇ ਪਸੰਦੀਦਾ ਰਾਈਸ ਸ਼ੈਲਰ ਮਾਲਕਾਂ ਨੂੰ ਦੂਰ-ਦੁਰਾਡੇ ਦੀਆਂ ਮੰਡੀਆਂ ਤੋਂ ਵੀ ਝੋਨਾ ਸਟੋਰ ਕਰਨ ਦੀ ਸਹੂਲਤ ਦਿੱਤੀ ਸੀ, ਜਦਕਿ ਅਨਾਜ ਮੰਡੀਆਂ ਦੇ ਨੇੜੇ ਸਥਿਤ ਸ਼ੈਲਰਾਂ ਨੂੰ ਉਨ੍ਹਾਂ ਦੀ ਸਮਰੱਥਾ ਅਨੁਸਾਰ ਝੋਨਾ ਅਲਾਟ ਨਹੀਂ ਕੀਤਾ।

ਉਨ੍ਹਾਂ ਅੱਗੇ ਦੱਸਿਆ ਕਿ ਪ੍ਰਮੁੱਖ ਸਕੱਤਰ ਖੁਰਾਕ ਤੇ ਜਨਤਕ ਵੰਡ ਅਤੇ ਖਪਤਕਾਰ ਮਾਮਲੇ, ਪੰਜਾਬ ਨੇ ਉਕਤ ਮੁਲਜ਼ਮ ਬਲਦੇਵ ਰਾਜ ਵਰਮਾ ਵਿਰੁੱਧ ਪੰਜ ਸ਼ੈਲਰ ਮਾਲਕਾਂ ਵੱਲੋਂ ਝੋਨੇ ਦੀ ਢੋਆ-ਢੁਆਈ ਕਰਕੇ ਪਨਗ੍ਰੇਨ ਏਜੰਸੀ ਨੂੰ 25.34 ਲੱਖ ਰੁਪਏ ਦਾ ਨੁਕਸਾਨ ਪਹੁੰਚਾਉਣ ਲਈ ਚਾਰਜਸ਼ੀਟ ਵੀ ਕੀਤਾ ਹੈ। ਇਸ ਚਾਰਜਸ਼ੀਟ ਤੋਂ ਪਤਾ ਲੱਗਦਾ ਹੈ ਕਿ ਬਲਦੇਵ ਰਾਜ ਵਰਮਾ ਨੇ ਸ਼ੈਲਰ ਮਾਲਕਾਂ ਨਾਲ ਗਲਤ ਸਥਾਨਕ ਅਨਾਜ ਮੰਡੀਆਂ ਲਿੰਕ ਕਰਕੇ ਪੰਜਾਬ ਸਰਕਾਰ ਨੂੰ ਭਾਰੀ ਵਿੱਤੀ ਨੁਕਸਾਨ ਪਹੁੰਚ-ਾਇਆ ਸੀ।

ਇਸ ਸਬੰਧੀ ਬਲਦੇਵ ਰਾਜ ਵਰਮਾ ਦੇ ਖ਼ਿਲਾਫ਼ ਵਿਜੀਲੈਂਸ ਬਿਊਰੋ ਬਠਿੰਡਾ ਰੇਂਜ ਥਾਣਾ ਵਿੱਚ ਆਈ.ਪੀ.ਸੀ. ਦੀ ਧਾਰਾ 409 ਅਤੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 13 (1) ਦੇ ਨਾਲ 13 (2) ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਪੰਜਾਬ ਸਰਕਾਰ ਖੇਤੀਬਾੜੀ ਵਾਸਤੇ ਮੁਹੱਈਆ ਕਰਾਵੇਗੀ 90 ਹਜ਼ਾਰ ਨਵੇਂ ਸੋਲਰ ਪੰਪ : ਅਮਨ ਅਰੋੜਾ

## ਕਿਸਾਨਾਂ ਨੂੰ ਸੋਲਰ ਪੰਪਾਂ ਲਈ ਮਿਲੇਗੀ 60 ਫੀਸਦੀ ਸਬਸਿਡੀ

ਚੰਡੀਗੜ੍ਹ, 12 ਮਾਰਚ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ ਸੋਚ ਅਨੁਸਾਰ ਸੂਰਜੀ ਊਰਜਾ ਦੀ ਸਰਵੋਤਮ ਵਰਤੋਂ ਨੂੰ ਯਕੀਨੀ ਬਣਾਉਣ ਅਤੇ ਖੇਤੀਬਾੜੀ ਸੈਕਟਰ ਨੂੰ ਕਾਰਬਨ-ਰਹਿਤ ਕਰਨ ਲਈ ਪੰਜਾਬ ਊਰਜਾ ਵਿਕਾਸ ਏਜੰਸੀ (ਪੇਡਾ) ਵੱਲੋਂ ਸੂਬੇ ਦੇ ਕਿਸਾਨਾਂ ਨੂੰ ਖੇਤੀਬਾੜੀ ਵਾਸਤੇ 90,000 ਨਵੇਂ ਸੌਰ ਊਰਜਾ ਪੰਪ ਮੁਹੱਈਆ ਕਰਵਾਏ ਜਾਣਗੇ। ਇਹ ਜਾਣਕਾਰੀ ਅੱਜ ਪੰਜਾਬ ਦੇ ਨਵੀਂ ਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਸ੍ਰੀ ਅਮਨ ਅਰੋੜਾ ਨੇ ਪੰਜਾਬ ਵਿਧਾਨ ਸਭਾ ਵਿੱਚ ਦਿੱਤੀ। ਉਹ ਸੁਤਰਾਣਾ ਤੋਂ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਵੱਲੋਂ ਪੁੱਛੇ ਸਵਾਲ ਦਾ ਜਵਾਬ ਦੇ ਰਹੇ ਸਨ।

ਸ੍ਰੀ ਅਮਨ ਅਰੋੜਾ ਨੇ ਦੱਸਿਆ ਕਿ ਪਹਿਲੇ ਪੜਾਅ ਅਧੀਨ 20,000 ਖੇਤੀ ਸੋਲਰ ਪੰਪ-ਸੈੱਟ ਮੁਹੱਈਆ ਕਰਵਾਏ ਜਾਣਗੇ ਅਤੇ ਬਾਕੀ 70,000 ਸੋਲਰ ਪੰਪ ਦੂਜੇ ਪੜਾਅ ਵਿੱਚ ਦਿੱਤੇ ਜਾਣਗੇ। ਉਨ੍ਹਾਂ ਇਹ ਵੀ ਸਪੱਸ਼ਟ ਕੀਤਾ ਕਿ ਡਾਰਕ ਜ਼ੋਨਜ਼ (ਧਰਤੀ ਹੇਠਲੇ ਪਾਣੀ ਦੀ ਕਿੱਲਤ ਵਾਲੇ ਖੇਤਰ) ਵਿੱਚ ਇਹ ਸੋਲਰ ਪੰਪ ਉਨ੍ਹਾਂ ਕਿਸਾਨਾਂ ਨੂੰ ਅਲਾਟ ਕੀਤੇ ਜਾਣਗੇ, ਜੋ ਆਪਣੇ ਖੇਤਾਂ ਵਿੱਚ ਫੁਹਾਰਾ ਅਤੇ ਤੁਪਕਾ ਸਿੰਚਾਈ ਪ੍ਰਣਾਲੀ ਦੀ ਵਰਤੋਂ ਕਰ ਰਹੇ ਹਨ। ਹਾਲਾਂਕਿ ਜਿਹੜੇ ਕਿਸਾਨਾਂ ਦੀ ਜ਼ਮੀਨ ਡਾਰਕ ਜ਼ੋਨ ਵਿੱਚ ਨਹੀਂ ਆਉਂਦੀ ਉਨ੍ਹਾਂ ਉੱਤੇ ਫੁਹਾਰਾ ਤੇ ਤੁਪਕਾ ਸਿੰਜਾਈ ਸਿਸਟਮ ਦੀ ਸ਼ਰਤ ਲਾਗੂ ਨਹੀਂ ਹੋਵੇਗੀ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਸੋਲਰ ਪੰਪਾਂ ਲਈ 60 ਫੀਸਦੀ ਸਬਸਿਡੀ ਦਿੱਤੀ ਜਾਵੇਗੀ।

ਹਲਕਾ ਸਨੌਰ ਦੇ ਸਰਕਾਰੀ ਸਕੂਲਾਂ ਦੀਆਂ ਛੱਤਾਂ 'ਤੇ ਸੋਲਰ ਪੈਨਲ ਲਗਾਉਣ ਸਬੰਧੀ ਵਿਧਾਇਕ ਹਰਮੀਤ ਸਿੰਘ ਪਠਾਨਮਾਜਰਾ ਵੱਲੋਂ ਪੁੱਛੇ ਸਵਾਲ ਦੇ ਜਵਾਬ 'ਚ ਸ੍ਰੀ ਅਮਨ ਅਰੋੜਾ ਨੇ ਦੱਸਿਆ ਕਿ ਸਨੌਰ ਹਲਕੇ ਦੇ ਸਰਕਾਰੀ ਸਕੂਲਾਂ 'ਚ 75 ਕਿਲੋਵਾਟ ਦੀ ਸਮਰੱਥਾ ਵਾਲੇ 15 ਸੋਲਰ ਰੂਫਟਾਪ ਪੀ.ਵੀ. ਪੈਨਲ ਪਹਿਲਾਂ ਹੀ ਲਗਾਏ ਜਾ ਚੁੱਕੇ ਹਨ. ਉਨ੍ਹਾਂ ਕਿਹਾ ਕਿ ਫੰਡਾਂ ਦੀ ਪ੍ਰਵਾਨਗੀ ਤੋਂ ਬਾਅਦ ਹਲਕੇ ਦੇ ਹੋਰ ਸਰਕਾਰੀ ਸਕੂਲਾਂ ਦੀਆਂ ਛੱਤਾਂ ‘ਤੇ ਵੀ ਸੋਲਰ ਪੀ.ਵੀ. ਪੈਨਲ ਲਗਾ ਦਿੱਤੇ ਜਾਣਗੇ।

ਸਰਕਾਰੀ ਅਤੇ ਅਰਧ-ਸਰਕਾਰੀ ਅਦਾਰਿਆਂ ਨੂੰ ਸੂਰਜੀ ਊਰਜਾ ਅਧੀਨ ਲਿਆਉਣ ਸਬੰਧੀ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਦੇ ਸਵਾਲ ਦੇ ਜਵਾਬ ਵਿੱਚ ਨਵੀਂ ਅਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਨੇ ਦੱਸਿਆ ਕਿ ਹਸਪਤਾਲਾਂ ਅਤੇ ਸਕੂਲਾਂ ਸਮੇਤ ਸਰਕਾਰੀ ਅਤੇ ਅਰਧ-ਸਰਕਾਰੀ ਸੰਸਥਾਵਾਂ ਵਿੱਚ 19.784 ਮੈਗਾਵਾਟ ਦੀ ਸਮਰੱਥਾ ਵਾਲੇ 3355 ਰੂਫ਼ਟਾਪ ਸੋਲਰ ਪਾਵਰ ਪਲਾਂਟ ਲਗਾਏ ਗਏ ਹਨ। ਇਸ ਤੋਂ ਇਲਾਵਾ 317 ਸਕੂਲਾਂ ਵਿੱਚ 1.8 ਮੈਗਾਵਾਟ ਦੀ ਸਮਰੱਥਾ ਵਾਲੇ ਐਸ.ਪੀ.ਵੀ. ਪਲਾਂਟ ਵੀ ਲਗਾਏ ਜਾ ਰਹੇ ਹਨ। ਇਸ ਦੇ ਨਾਲ ਹੀ ਗਰਿੱਡ ਕੁਨੈਕਟਡ ਰੂਫਟਾਪ ਸੋਲਰ ਪਾਵਰ ਪ੍ਰੋਗਰਾਮ ਦੇ ਦੂਜੇ ਪੜਾਅ ਦਾ ਜ਼ੰਮਾ ਪੀ.ਐੱਸ.ਪੀ.ਸੀ.ਐੱਲ. ਨੂੰ ਸੌਂਪਿਆ ਗਿਆ ਹੈ, ਜਿਸ ਵੱਲੋਂ ਸੂਬੇ ਵਿੱਚ ਘਰੇਲੂ ਸੈਕਟਰ ਵਿੱਚ ਰੂਫਟਾਪ ਸੋਲਰ ਪ੍ਰੋਗਰਾਮ ਲਾਗੂ ਕੀਤਾ ਜਾ ਰਿਹਾ ਹੈ।




ਕੈਨੇਡੀਅਨ ਪੰਜਾਬੀ ਪੋਸਟ

Award winning news paper | Canadian Punjabi Post

# CLASSIFIEDS

Starting at just $10

ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

Well settled Ramgarhia Family living in Winnipeg from 16 years looking for a suitable match for their son 33-year-old,5-10 Tall, clean shaved, Active in Real Estate Business and financing Business Manitoba and Ontario.
Contact number-204-510-7658 and 519-917-5055.

7Feb

Sikh Tonk kashtriya Boy Feb/1993 Born, height 5.11”, B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ ’ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9”, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5”8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ ’ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5’3”. Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4’’ tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁਟ 4”, ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ ’ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿਖ 1996/5’-3”, ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡਿਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2” ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664




Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net









# ਵਿਗਿਆਨ ਤੇ ਤਕਨਾਲੌਜੀ ਦੀਆਂ ਪੁਸਤਕਾਂ ਦਾ ਸਹੀ ਅਕਸ ਵਿਖਾਉਂਦੀ ਏ, ਡਾ. ਸੁਖਦੇਵ ਸਿੰਘ ਤੇ ਨੇਹਾ ਠਾਕੁਰ ਦੀ ਪੁਸਤਕ ਸੂਚੀ – 'ਵਿਗਿਆਨ ਦਰਪਣ'

ਡਾ. ਸੁਖਦੇਵ ਸਿੰਘ ਝੰਡ
ਬਰੈਂਪਟਨ, ਕੈਨੇਡਾ
ਫ਼ੋਨ : +1 647-567-9128

ਯੂਨਾਨੀ ਭਾਸ਼ਾ ਦੇ ਸ਼ਬਦ 'ਬਿਬਲਿਓਗ੍ਰਾਫ਼ੀ' ਦਾ ਸਬੰਧ ਪੁਸਤਕ ਲਿਖਣ ਦੀ 'ਕਲਾ' ਜਾਂ 'ਵਿਗਿਆਨ' ਨਾਲ ਹੈ। ਅਜੋਕੇ ਸਮੇਂ ਵਿਚ ਇਸ ਦਾ ਭਾਵ ਲਿਖੇ ਹੋਏ ਜਾਂ ਪ੍ਰਕਾਸ਼ਿਤ ਸਰੋਤਾਂ ਦੀ ਤਰਤੀਬਵਾਰ ਸੂਚੀ ਵਜੋਂ ਲਿਆ ਜਾਂਦਾ ਹੈ। ਪੰਜਾਬੀ ਵਿਚ ਇਸ ਨੂੰ 'ਗ੍ਰੰਥ ਸੂਚੀ', 'ਪੁਸਤਕਾਵਲੀ', 'ਪੁਸਤਕ ਸੂਚੀ' ਅਤੇ 'ਪੁਸਤਕ ਕੋਸ਼' ਦੇ ਵੱਖ-ਵੱਖ ਨਾਂ ਦਿੱਤੇ ਗਏ ਹਨ। ਬਿਬਲਿਓਗ੍ਰਾਫ਼ੀਆਂ ਤਿਆਰ ਕਰਨ ਦਾ ਕੰਮ ਪਹਿਲਾਂ ਅੰਗਰੇਜ਼ੀ ਭਾਸ਼ਾ ਵਿੱਚ ਹੋਇਆ ਅਤੇ ਹੌਲ਼ੀ-ਹੌਲ਼ੀ ਇਹ ਦੂਸਰੀਆਂ ਭਾਸ਼ਾਵਾਂ ਵਿਚ ਵੀ ਛਪਣ ਲੱਗੀਆਂ।

ਪੰਜਾਬੀ ਵਿਚ 'ਗ੍ਰੰਥ-ਸੂਚੀਆਂ' ਤਿਆਰ ਕਰਨ ਦਾ ਇਤਿਹਾਸ ਇਕ ਸਦੀ ਪਹਿਲਾਂ ਹੀ ਆਰੰਭ ਹੋਇਆ ਜਦੋਂ ਇਤਿਹਾਸਕਾਰ ਡਾ. ਗੰਡਾ ਸਿੰਘ ਨੇ ਸੱਭ ਤੋਂ ਪਹਿਲਾਂ ਸਿੱਖ ਧਰਮ ਤੇ ਇਤਿਹਾਸ ਦੇ ਸਰੋਤਾਂ ਬਾਰੇ ਬਿਬਲਿਓਗ੍ਰਾਫ਼ੀ ਵੀਹਵੀਂ ਸਦੀ ਦੇ ਸ਼ੁਰੂ ਵਿਚ ਛਪਵਾਈ। ਇਸ ਦਾ ਸਿਰਲੇਖ ਉਨ੍ਹਾਂ ਵੱਲੋਂ 'ਬਿਬਲਿਓਗ੍ਰਾਫ਼ੀ ਆਫ਼ ਸਿੱਖ ਰਿਲੀਜਨ ਐਂਡ ਲਿਟਰੇਚਰ' ਰੱਖਿਆ ਗਿਆ। ਬਾਅਦ ਵਿਚ ਇਹ ਪੰਜਾਬੀ ਦੇ ਸਿਰਲੇਖ ਹੇਠ ਵੀ ਛਾਪੀ ਗਈ। ਚੀਫ਼ ਖਾਲਸਾ ਦੀਵਾਨ ਨੇ 1935 ਵਿੱਚ ਪੰਜਾਬੀ ਸਾਹਿਤ ਬਾਰੇ ਗ੍ਰੰਥਾਵਲੀ ਤਿਆਰ ਕਰਵਾਈ। ਭਾਸ਼ਾ ਵਿਭਾਗ ਪੰਜਾਬ ਵੱਲੋਂ ਸ. ਸ਼ਮਸ਼ੇਰ ਸਿੰਘ ਅਸ਼ੋਕ ਵੱਲੋਂ ਤਿਆਰ ਕਰਵਾਈ ਗਈ ਵੱਡ-ਆਕਾਰੀ ਗ੍ਰੰਥ-ਸੂਚੀ 1953 ਵਿਚ ਪ੍ਰਕਾਸ਼ਿਤ ਕੀਤੀ ਗਈ। ਇਸ ਤੋਂ ਬਾਅਦ ਪੰਜਾਬੀ ਵਿਚ ਵੱਖ-ਵੱਖ ਸਮੇਂ ਕਈ ਹੋਰ ਪੁਸਤਕ-ਸੂਚੀਆਂ ਪ੍ਰਕਾਸ਼ਿਤ ਹੋਈਆਂ।

ਪੰਜਾਬੀ ਭਾਸ਼ਾ ਦੇ ਵਿਕਾਸ ਅਤੇ ਪਸਾਰ ਲਈ 1962 ਵਿਚ ਬਣੀ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਪਬਲੀਕੇਸ਼ਨ ਬਿਓਰੋ ਵੱਲੋਂ ਪੰਜਾਬੀ ਵਿਚ ਵੱਖ-ਵੱਖ ਵਿਸ਼ਿਆਂ ਦੀਆਂ ਬਹੁਤ ਸਾਰੀਆਂ ਪੁਸਤਕਾਂ ਛਾਪੀਆਂ ਗਈਆਂ ਹਨ ਜਿਨ੍ਹਾਂ ਵਿਚ ਸਮਾਜ ਵਿਗਿਆਨ ਅਤੇ ਅਰਥ-ਸ਼ਾਸਤਰ, ਆਦਿ ਵਿਸ਼ਿਆਂ ਦੀਆਂ ਪੁਸਤਕ ਸੂਚੀਆਂ ਵੀ ਸ਼ਾਮਲ ਹਨ। ਵਿਗਿਆਨ ਅਤੇ ਤਕਨਾਲੋਜੀ ਵਿਚ ਡਾ. ਸੁਖਦੇਵ ਸਿੰਘ ਅਤੇ ਨੇਹਾ ਠਾਕੁਰ ਵੱਲੋਂ ਤਿਆਰ ਕੀਤੀ ਗਈ ਇਹ ਪੁਸਤਕ ਸੂਚੀ, ਜਿਸ ਦਾ ਪੂਰਾ ਸਿਰਲੇਖ 'ਵਿਗਿਆਨ ਦਰਪਣ : ਵਿਗਿਆਨ ਅਤੇ ਤਕਨੀਕੀ ਵਿਸ਼ਿਆਂ ਉੱਤੇ ਪ੍ਰਕਾਸ਼ਿਤ ਕੌਮਾਂਤਰੀ ਸਾਹਿਤ, 1869-2021 ਇਕ ਵਰਗੀਕਿਰਤ ਪੁਸਤਕ ਕੋਸ਼' ਹੈ, ਇਸ ਖ਼ੇਤਰ ਵਿਚ ਪਹਿਲਾ ਸੁਹਿਰਦ ਯਤਨ ਹੈ।

ਡਾ. ਸੁਖਦੇਵ ਸਿੰਘ ਬੜਾ ਹਿੰਮਤੀ, ਮਿਹਨਤੀ ਤੇ ਸਿਰੜੀ ਨੌਜੁਆਨ ਹੈ। ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਤੋਂ ਲਾਇਬ੍ਰੇਰੀ ਐਂਡ ਇਨਫਰਮੇਸ਼ਨ ਸਾਇੰਸ ਵਿਚ ਮਾਸਟਰ ਅਤੇ ਪੀਐੱਚ.ਡੀ. ਦੀਆਂ ਉਚੇਰੀਆਂ ਡਿਗਰੀਆਂ ਪ੍ਰਾਪਤ ਕਰਨ ਉਪਰੰਤ ਡਾ. ਸੁਖਦੇਵ ਸਿੰਘ ਅੱਜਕੱਲ੍ਹ ਪੰਜਾਬ ਕੇਂਦਰੀ ਯੂਨੀਵਰਸਿਟੀ ਬਠਿੰਡਾ ਦੇ ਲਾਇਬ੍ਰੇਰੀ ਐਂਡ ਇਨਫਰਮੇਸ਼ਨ ਸਾਇੰਸ ਵਿਭਾਗ ਵਿਚ ਬਤੌਰ ਅਸਿਸਟੈਂਟ ਪ੍ਰੋਫੈਸਰ ਸੇਵਾ ਨਿਭਾ ਰਿਹਾ ਹੈ। ਇੱਥੇ ਆਉਣ ਤੋਂ ਪਹਿਲਾਂ ਉਸ ਨੇ ਹਿਮਾਚਲ ਪ੍ਰਦੇਸ਼ ਯੂਨੀਵਰਸਿਟੀ ਸ਼ਿਮਲਾ ਵਿੱਚ ਕੁਝ ਸਾਲ ਅਸਿਸਟੈਂਟ ਪ੍ਰੋਫ਼ੈਸਰ ਵਜੋਂ ਸੇਵਾ ਕੀਤੀ ਹੈ।


ਆਪਣੇ ਸਿਰਨਾਂਵੀਏਂ ਡਾ. ਸੁਖਦੇਵ ਸਿੰਘ ਜੋ ਕਵਿਤਾ ਲਿਖਣ ਸਮੇਂ ਆਪਣੇ ਨਾਂ ਦੇ ਨਾਲ ਉਪਨਾਂਵ 'ਰੱਖੜਾ' ਲਿਖਦਾ ਹੈ, ਦੇ ਨਾਲ ਮੇਰੀ ਪਹਿਲੀ ਮੁਲਾਕਾਤ 2018 ਵਿੱਚ ਅੰਮ੍ਰਿਤਸਰ ਵਿੱਚ ਹੋਈ। ਓਦੋਂ ਉਹ ਏ.ਪੀ.ਜੇ. ਕਾਲਜ ਆਫ਼ ਫ਼ਾਈਨ ਆਰਟਸ, ਜਲੰਧਰ ਵਿਖੇ ਲਾਇਬ੍ਰੇਰੀਅਨ ਵਜੋਂ ਕੰਮ ਕਰ ਰਿਹਾ ਸੀ ਅਤੇ ਆਪਣੇ ਪਿੰਡ 'ਹਰੀ ਕੇ ਪੱਤਣ' ਤੋਂ ਬੱਸ ਰਾਹੀਂ ਰੋਜ਼ਾਨਾ ਜਲੰਧਰ ਜਾਂਦਾ ਸੀ। ਆਪਣੀ ਹਿੰਮਤ, ਸਖ਼ਤ ਮਿਹਨਤ, ਲਗਨ ਅਤੇ ਸਿਰੜ ਸਦਕਾ ਉਹ ਪੰਜਾਬ ਕੇਂਦਰੀ ਯੂਨੀਵਰਸਿਟੀ ਬਠਿੰਡਾ ਦੇ ਲਾਇਬ੍ਰੇਰੀ ਐਂਡ ਇਨਫ਼ਰਮੇਸ਼ਨ ਸਾਇੰਸ ਵਿਭਾਗ ਵਿਚ ਆਉਣ ਵਿਚ ਕਾਮਯਾਬ ਹੋਇਆ ਹੈ। ਇਸ ਤੋਂ ਪਹਿਲਾਂ ਉਸ ਨੇ ਆਪਣੇ ਸਾਥੀ ਡਾ. ਹਰੀਸ਼ ਚੰਦਰ ਜੋ ਅੱਜਕੱਲ੍ਹ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਲਾਇਬ੍ਰੇਰੀ ਐਂਡ ਇਨਫ਼ਰਮੇਸ਼ਨ ਸਾਇੰਸ ਵਿਭਾਗ ਵਿਚ ਅਸਿਸਟੈਂਟ ਪ੍ਰੋਫੈਸਰ ਹੈ, ਦੇ ਨਾਲ ਮਿਲ ਕੇ 1901 ਤੋਂ 2017 ਤੱਕ ਦੀਆਂ ਪੰਜਾਬੀ ਪੁਸਤਕਾਂ ਦੀ ਵਿਸ਼ੇਵਾਰ 'ਵੈਬਲਿਓਗ੍ਰਾਫ਼ੀ' 2018 ਵਿਚ ਛਪਵਾਈ ਹੈ।

ਹੱਥਲੀ ਪੁਸਤਕ ਸੂਚੀ ਵਿਚ ਪੁਸਤਕ ਲੇਖਕਾਂ ਵੱਲੋਂ ਵਿਗਿਆਨ ਅਤੇ ਤਕਨਾਲੌਜੀ ਨਾਲ ਸਬੰਧਿਤ 1992 ਪੁਸਤਕਾਂ ਨੂੰ ਤਿੰਨ ਭਾਗਾਂ ਵਿੱਚ ਵੰਡਿਆ ਗਿਆ ਹੈ। 187 ਪੰਨਿਆਂ ਦੀ ਇਸ ਪੁਸਤਕ ਸੂਚੀ ਦੇ ਸ਼ੁਰੂਆਤੀ 48 ਪੰਨਿਆਂ ਦੇ ਪਹਿਲੇ ਭਾਗ ਵਿਚ 670 ਪੁਸਤਕਾਂ ਵਿਗਿਆਨ ਬਾਰੇ ਹਨ ਅਤੇ ਦੂਸਰੇ ਭਾਗ ਵਿੱਚ ਪੰਨਾ-51 ਤੋਂ 139 ਤੱਕ 1281 ਪੁਸਤਕਾਂ ਤਕਨਾਲੋਜੀ ਨਾਲ ਜੁੜੇ ਵਿਸ਼ਿਆਂ ਮੈਡੀਕਲ ਸਾਇੰਸ, ਖੇਤੀਬਾੜੀ ਵਿਗਿਆਨ, ਘਰੇਲੂ ਵਿ-ਗਆਨ ਅਤੇ ਉਤਪਾਦਨ, ਆਦਿ ਵਿਸ਼ਿਆਂ ਬਾਰੇ ਹਨ। ਲਾਇਬ੍ਰੇਰੀ ਵਰਗੀਕਰਨ ਦੇ ਸਿਧਾਂਤ ਨੂੰ ਮੁੱਖ ਰੱਖਦਿਆਂ ਇਨ੍ਹਾਂ ਪੁਸਤਕਾਂ ਦੀ ਸੰਸਾਰ ਪ੍ਰਸਿੱਧ 'ਡਿਊਈ ਦਸ਼ਮਲਵ ਵਰਗੀਕਰਨ ਪ੍ਰਣਾਲੀ' ਨਾਲ ਸ਼੍ਰੇਣੀ-ਵੰਡ ਕੀਤੀ ਗਈ ਹੈ। ਪਹਿਲੇ ਭਾਗ ਵਿਚ ਵਿਗਿਆਨ ਦੀਆਂ ਕਿਤਾਬਾਂ ਨੂੰ 500 ਤੋਂ 599 ਤੱਕ ਅਤੇ ਦੂਸਰੇ ਭਾਗ ਵਿਚ ਤਕਨਾਲੌਜੀ ਨਾਲ ਸਬੰਧਿਤ ਕਿਤਾਬਾਂ ਨੂੰ 600 ਤੋਂ 699 ਨੰਬਰ ਤੱਕ ਰੱਖਿਆ ਗਿਆ ਹੈ। ਪੰਨਾ 142 ਤੋਂ 145 ਤੱਕ ਪੁਸਤਕ ਦੇ ਤੀਸਰੇ ਭਾਗ ਵਿਚ 31 ਪੁਸਤਕਾਂ ਵਿਗਿਆਨਿਕ ਸਾਹਿਤ ਬਾਰੇ ਹਨ ਜੋ ਵਧੇਰੇ ਕਰਕੇ ਗਲਪ ਵਿਗਿਆਨ ਨਾਲ ਸਬੰਧਿਤ ਹਨ। ਪੁਸਤਕ ਕੋਸ਼ ਵਿੱਚ ਸ਼ਾਮਲ ਸਾਰੀਆਂ ਪੁਸਤਕਾਂ ਨੂੰ ਸੀਰੀਅਲ ਨੰਬਰ ਐੱਸ-1 ਤੋਂ ਐੱਸ-1992 ਦਿੱਤੇ ਗਏ ਹਨ। ਇਸ ਦੇ ਅਖ਼ੀਰ ਵਿਚ ਦੋ ਮਹੱਤਵਪੂਰਨ ਅਨੁਕ੍ਰਮਣਿਕਾਵਾਂ, ਲੇਖਕ ਅਨੁਕ੍ਰਮਣਿਕਾ (ਪੰਨਾ 149 ਤੋਂ 173) ਅਤੇ ਵਿਸ਼ਾ ਅਨੁਕ੍ਰਮਣਿਕਾ (ਪੰਨਾ 175 ਤੋਂ 185) ਸ਼ਾਮਲ ਕੀਤੀਆਂ ਗਈਆਂ ਹਨ ਜਿਨ੍ਹਾਂ ਦੀ ਸਹਾਇਤਾ ਨਾਲ ਇਸ ਵਿਚਲੀਆਂ ਪੁਸਤਕਾਂ ਤੀਕ ਬੜੀ ਆਸਾਨੀ ਨਾਲ ਪਹੁੰਚ ਕੀਤੀ ਜਾ ਸਕਦਾ ਹੈ।


ਇਸ ਦੇ ਨਾਲ ਹੀ ਪੁਸਤਕ ਲੇਖਕਾਂ ਵੱਲੋਂ ਇਹ ਵੀ ਦਰਸਾਇਆ ਗਿਆ ਹੈ ਕਿ ਇਸ ਪੁਸਤਕ ਸੂਚੀ ਵਿਚ ਸ਼ਾਮਲ ਪੁਸਤਕਾਂ ਵਿਚ 87% ਵਿ-ਗਆਨ ਅਤੇ ਤਕਨਾਲੌਜੀ ਦੀਆਂ ਹਰਮਨ-ਪਿਆਰੀਆਂ ਪੁਸਤਕਾਂ ਹਨ ਅਤੇ ਕੇਵਲ 13% ਪੁਸਤਕਾਂ ਹੀ ਮੁਸ਼ਕਲ ਵਿਸ਼ਿਆਂ ਬਾਰੇ ਹਨ। ਇਨ੍ਹਾਂ 1992 ਪੁਸਤਕਾਂ ਵਿੱਚੋਂ 472 ਪੁਸਤਕਾਂ ਹੋਰ ਭਾਸ਼ਾਵਾਂ ਤੋਂ ਪੰਜਾਬੀ ਵਿੱਚ ਅਨੁ-ਵਾਦ ਕੀਤੀਆਂ ਗਈਆਂ ਹਨ। ਇਨ੍ਹਾਂ ਪੁਸਤਕਾਂ ਨੂੰ ਛਾਪਣ ਵਾਲੇ 10 ਪ੍ਰਮੁੱਖ ਪ੍ਰਕਾਸ਼ਕ ਹਨ। ਇਨ੍ਹਾਂ ਪੁਸਤਕਾਂ ਦੇ 1374 ਲੇਖਕ ਜਿਨ੍ਹਾਂ ਵਿੱਚ ਕਈ ਸੰਸਥਾਵਾਂ ਵੀ ਸ਼ਾਮਲ ਹਨ, ਦੇ ਲੇਖਕ ਪੁਰਸ਼ ਹਨ ਅਤੇ ਔਰਤ ਲੇਖਕਾਵਾਂ ਕੇਵਲ 163 ਹੀ ਹਨ।

ਇਸ ਪੁਸਤਕ ਸੂਚੀ ਨੂੰ ਸੋਸਾਇਟੀ ਫ਼ਾਰ ਪ੍ਰਮੋਸ਼ਨ ਆਫ਼ ਸਾਇੰਸ ਐਂਡ ਟੈਕਨਾਲੌਜੀ ਇਨ ਇੰਡੀਆ ਵੱਲੋਂ ਸਪਾਂਸਰ ਕੀਤਾ ਗਿਆ ਹੈ। ਇਸ ਵਿਚਲੀਆਂ ਪੁਸਤਕਾਂ ਬਾਰੇ ਜਾਣਕਾਰੀ ਪ੍ਰਾਪਤ ਕਰਨ ਲਈ ਲੇਖਕਾਂ ਨੂੰ ਪੰਜਾਬੀ ਯੂਨੀਵਰਸਿਟੀ ਪਟਿਆਲਾ, ਪੰਜਾਬ ਯੂਨੀਵਰਸਿਟੀ ਚੰਡੀਗੜ੍ਹ, ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ, ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਲੁਧਿਆਣਾ, ਗੁਰੂ ਅੰਗਦ ਵੈਟਨਰੀ ਐਂਡ ਐਨੀਮਲ ਸਾਇੰਸਿਜ਼ ਯੂਨੀਵਰਸਿਟੀ ਲੁਧਿਆਣਾ, ਪੰਜਾਬ ਸੈਂਟਰਲ ਯੂਨੀਵਰਸਿਟੀ ਬਠਿੰਡਾ, ਭਾਸ਼ਾ ਵਿਭਾਗ ਪਟਿਆਲਾ, ਖਾਲਸਾ ਕਾਲਜ ਅੰਮ੍ਰਿਤਸਰ, ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਪੱਟੀ (ਤਰਨ ਤਾਰਨ), ਗੁਰੂ ਨਾਨਕ ਕਾਲਜ ਸੁਚੈਨਿਆਣਾ ਸਾਹਿਬ (ਫਗਵਾੜਾ), ਜੀ. ਐੱਚ. ਜੀ. ਖਾਲਸਾ ਕਾਲਜ ਗੁਰੂਸਰ ਸੁਧਾਰ (ਲੁਧਿਆਣਾ), ਦੇਸ਼ ਭਗਤ ਯਾਦਗਾਰੀ ਹਾਲ ਲਾਇਬ੍ਰੇਰੀ ਜਲੰਧਰ, ਗੁਰੂ ਨਾਨਕ ਦੇਵ ਜ਼ਿਲਾ ਲਾਇਬ੍ਰੇਰੀ ਜਲੰਧਰ, ਬਾਬਾ ਸਿੱਧ ਮਸਤ ਮੈਮੋਰੀਅਲ ਲਾਇਬ੍ਰੇਰੀ ਹਰੀ ਕੇ ਪੱਤਣ (ਤਰਨ ਤਾਰਨ), ਕਾਮਰੇਡ ਸੋਹਣ ਸਿੰਘ ਜੋਸ਼ ਜ਼ਿਲਾ ਲਾਇਬ੍ਰੇਰੀ ਅੰਮ੍ਰਿਤਸਰ, ਪੰਡਤ ਮੋਤੀ ਲਾਲ ਨਹਿਰੂ ਮਿਉਂਨਿਸਿਪਲ ਲਾਇਬ੍ਰੇਰੀ ਅੰਮ੍ਰਿਤਸਰ, ਵੱਰਲਡ ਕੈਟ ਅਤੇ ਨੈਸ਼ਨਲ ਲਾਇਬ੍ਰੇਰੀ ਕਲਕੱਤਾ, ਆਦਿ ਲਾਇਬ੍ਰੇਰੀਆਂ ਵਿਚ ਜਾਣਾ ਪਿਆ। ਇਸ ਦੌਰਾਨ ਉਨ੍ਹਾਂ ਨੂੰ ਕਈ ਮੁਸ਼ਕਲਾਂ ਦਾ ਵੀ ਸਾਹਮਣਾ ਕਰਨ ਪਿਆ ਪਰ ਅਖ਼ੀਰ ਉਨ੍ਹਾਂ ਨੂੰ ਸਫ਼ਲਤਾ ਪ੍ਰਾਪਤ ਹੋਈ।

ਲੇਖਕਾਂ ਵੱਲੋਂ ਬੜੀ ਮਿਹਨਤ ਨਾਲ ਤਿਆਰ ਕੀਤੀ ਗਈ ਇਹ ਪੁਸਤਕ ਸੂਚੀ ਵਿਦਿਆਰਥੀਆਂ, ਖੋਜਾਰਥੀਆਂ ਅਤੇ ਅਧਿਆਪਕਾਂ ਲਈ ਬੜੀ ਲਾਹੇਵੰਦ ਸਾਬਤ ਹੋਵੇਗੀ। ਦੋਹਾਂ ਲੇਖਕਾਂ ਨੂੰ ਮੈਂ ਇਸ ਦੇ ਲਈ ਹਾਰਦਿਕ ਵਧਾਈ ਦਿੰਦਾ ਹਾਂ। ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਪਬਲੀਕੇਸ਼ਨ ਬਿਓਰੋ ਨੂੰ ਵੀ ਵਧਾਈ ਦੇਣੀ ਬਣਦੀ ਹੈ ਜਿਸ ਨੇ ਇਸ ਮੁੱਲਵਾਨ ਪੁਸਤਕ-ਸੂਚੀ ਨੂੰ ਬੜੇ ਸੁਚੱਜੇ ਢੰਗ ਨਾਲ ਛਾਪਿਆ ਹੈ ਅਤੇ ਪੁਸਤਕ ਦੇ ਟਾਈਟਲ ਉੱਪਰ ਮਹਾਨ ਭੌਤਿਕ ਵਿਗਿਆਨੀ ਅਲਬਰਟ ਆਈਨਸਟਾਈਨ ਦੀ ਤਸਵੀਰ ਛਾਪ ਕੇ ਇਸ ਨੂੰ ਕਾਫ਼ੀ ਆਕਰਸ਼ਕ ਬਣਾਇਆ ਹੈ।




# 20 ਅਪ੍ਰੈਲ ਨੂੰ ਸੀ.ਐੱਨ. ਟਾਵਰ ਦੀਆਂ 1776 ਪੌੜੀਆਂ ਚੜ੍ਹਨ ਦੇ ਈਵੈਂਟ ਵਿੱਚ ਟੀਪੀਏਆਰ ਕਲੱਬ ਦੇ ਮੈਂਬਰ ਟੀਮ ਵਜੋਂ ਹਿੱਸਾ ਲੈਣਗੇ



ਬਰੈਂਪਟਨ, -ਸੀ.ਐੱਨ. ਟਾਵਰ ਦੀਆਂ 1776 ਪੌੜੀਆਂ ਚੜ੍ਹਨ ਦੇ ਜੋਸ਼ ਭਰਪੂਰ ਈਵੈਂਟ ਸਾਲ ਵਿਚ ਦੋ ਵਾਰ ਅਪ੍ਰੈਲ ਅਤੇ ਅਕਤੂਬਰ ਮਹੀਨੇ ਦੌਰਾਨ ਕਰਵਾਏ ਜਾਂਦੇ ਹਨ।ਅਪ੍ਰੈਲ ਮਹੀਨੇ ਵਾਲਾ ਈਵੈਂਟ'ਡਬਲਿਊ. ਡਬਲਿਊ.ਐੱਫ਼. ਕਲਾਈਂਬ ਫ਼ਾਰ ਨੇਚਰ' ਵੱਲੋਂ ਕਰਵਾਇਆ ਜਾਂਦਾ ਹੈ ਅਤੇਅਕਤੂਬਰ ਮਹੀਨੇ ਵਾਲਾ'ਯੂਨਾਈਟਿਡ ਕਲਾਈਂਬ-ਅੱਪ'ਵੱਲੋਂ ਆਯੋਜਿਤ ਕੀਤਾ ਜਾਂਦਾ ਹੈ। ਹਜ਼ਾਰਾਂ ਦੀ ਗਿਣਤੀ ਵਿਚ ਲੋਕ ਹਰ ਸਾਲ ਇਨ੍ਹਾਂਦੋਹਾਂ ਈਵੈਂਟਸ ਵਿਚ ਭਾਗ ਲੈਂਦੇ ਹਨ। ਬਰੈਂਪਟਨ ਵਿਚ ਪਿਛਲੇ 10 ਸਾਲ ਤੋਂ ਸਰਗ਼ਰਮ ਟੋਰਾਂਟੋ ਪੀਅਰਸਨ ਏਅਰਪੋਰਟ ਰੱਨਰਜ਼ ਕਲੱਬ (ਟੀਪੀਏਆਰ ਕਲੱਬ)ਦੇ ਮੈਂਬਰ ਵੀ ਇਨ੍ਹਾਂ ਈਵੈਂਟਸ ਵਿਚ ਬੜੇ ਉਤਸ਼ਾਹ ਨਾਲ ਭਾਗ ਲੈਂਦੇ ਹਨ। ਕਈ ਵਾਰ ਉਹ ਇਸ ਵਿੱਚਟੀਮ ਵਜੋਂ ਅਤੇ ਕਈ ਵਾਰਨਿੱਜੀ ਰੂਪ ਵਿਚ ਸ਼ਾਮਲ ਹੁੰਦੇ ਹਨ।

ਸਾਲ 2024 ਦਾਮਿਡ-ਸਪਰਿੰਗ 'ਡਬਲਿਊ. ਡਬਲਿਊ.ਐੱਫ਼.ਕਲਾਈਂਬ ਫ਼ਾਰ ਨੇਚਰ' ਈਵੈਂਟ20 ਅਤੇ 21 ਅਪ੍ਰੈਲ ਨੂੰ ਹੋ ਰਿਹਾ ਹੈ ਅਤੇ ਇਸ ਵਿਚ ਇਹ ਕਲੱਬ ਟੀਮ ਦੇ ਰੂਪ ਵਿਚ 20 ਅਪ੍ਰੈਲ ਨੂੰ ਹਿੱਸਾ ਲੈ ਰਹੀ ਹੈ। ਇਸ ਦੇ ਲਈ ਹੁਣ ਤੀਕ ਕਲੱਬ ਦੇ ਲੱਗਭੱਗ ਦੋ ਦਰਜਨ ਮੈਂਬਰ ਆਪਣੇ ਨਾਂ ਦਰਜ ਕਰਵਾ ਚੁੱਕੇ ਹਨ। ਸੀ.ਐੱਨ. ਟਾਵਰ ਦੀਆਂ 1776 ਪੌੜੀਆਂ ਚੜ੍ਹਨ ਲਈ ਉਨ੍ਹਾਂ ਨੂੰ ਇਸ ਦੀ ਤਿਆਰੀ ਦੀ ਜ਼ਰੂਰਤ ਪੈਂਦੀ ਹੈ। ਇਸ ਦੇ ਲਈ ਉਹ ਹਰ ਹਫ਼ਤੇ ਵੀਕ-ਐਂਡ 'ਤੇ ਕਿਸੇ ਨਾ ਕਿਸੇ ਬਹੁ-ਮੰਜ਼ਲੀ ਉੱਚੀ ਬਿਲਡਿੰਗ ਦੀਆਂ ਪੌੜੀਆਂ ਚੜ੍ਹਨ ਦਾ ਅਭਿਆਸ ਕਰਦੇ ਹਨ ਤਾਂ ਜੋ ਆਪਣੇ ਸਰੀਰ ਅਤੇ 'ਦਮ-ਖ਼ਮ' ਨੂੰ ਇਸ ਦੇ ਅਨੁਸਾਰ ਢਾਲ਼ ਸਕਣ। ਇਹ ਅਭਿਆਸ ਆਰੰਭ ਕਰਨ ਲਈ ਉਹਪਿਛਲੇ ਹਫ਼ਤੇ 3ਮਾਰਚ ਨੂੰ ਉਹ 18 ਨਾਈਟਸ ਬਰਿੱਜਰੋਡ 'ਤੇ ਇਕੱਠੇ ਹੋਏ ਅਤੇ ਉੱਥੇ ਕਿਸੇ ਇਮਾਰਤ ਦਿਆਂ ਪੌੜੀਆਂ ਚੜ੍ਹ ਕੇ ਇਸ ਦੀ ਸ਼ੁਰੂਆਤ ਕੀਤੀ ਗਈ।

ਈਵੈਂਟ ਦੇ ਪ੍ਰਬੰਧਕਾਂ ਵੱਲੋਂ ਇਸ ਈਵੈਂਟ ਵਿਚ ਹਿੱਸਾ ਲੈਣ ਲਈ 150 ਡਾਲਰ ਪ੍ਰਤੀ ਵਿਅੱਕਤੀ ਫ਼ੀਸ ਰੱਖੀ ਗਈ ਹੈ ਅਤੇ ਇਕੱਤਰ ਹੋਈ ਇਸ ਫ਼ੀਸ ਦਾ ਬਹੁਤਾ ਹਿੱਸਾ ਚੈਰੀਟੇਬਲ ਸੰਸਥਾਵਾਂ ਨੂੰ ਦਾਨ ਵਜੋਂ ਦਿੱਤਾ ਜਾਂਦਾ ਹੈ। ਟੀਪੀਏਆਰ ਕਲੱਬ ਦੀ ਟੀਮ ਵਜੋਂ ਰਜਿਸਟ੍ਰੇਸ਼ਨ ਕਰਵਾਉਣ ਵਾਲੇ ਮੈਂਬਰਾਂ ਨੂੰ 22 ਮਾਰਚ ਤੋਂ ਪਹਿਲਾਂ 'ਡਰੀਮ ਬਿੱਗ ਐਂਡ ਸਟਾਰਗੇਟ' ਵੱਲੋਂ 20 ਡਾਲਰ ਪ੍ਰਤੀ ਮੈਂਬਰ ਦੇ ਹਿਸਾਬ ਨਾਲ ਕਵਰੇਜ ਕੀਤੀ ਜਾਏਗੀ ਅਤੇ ਇਸ ਤਰ੍ਹਾਂ ਉਹ ਇਸ ਤਰੀਕ ਤੱਕ 130 ਡਾਲਰ ਫ਼ੀਸ ਨਾਲ ਆਪਣੀ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ।

ਇੱਥੇ ਇਹ ਜ਼ਿਕਰਯੋਗ ਹੈ ਕਿ ਅਕਤੂਬਰ 2023 ਦੇ 'ਮਿਡ-ਫ਼ਾਲ ਈਵੈਂਟ' ਵਿਚ ਇਸ ਕਲੱਬ ਦੇ ਸਰਗ਼ਰਮ ਮੈਂਬਰ ਸੁਰਿੰਦਰ ਸਿੰਘ ਨਾਗਰਾ ਵੱਲੋਂ 71 ਸਾਲ ਦੀ ਉਮਰ ਵਿਚ ਇਹ ਪੌੜੀਆਂ 18 ਮਿੰਟ 24 ਸਕਿੰਟ ਵਿਚ ਚੜ੍ਹ ਕੇ ਆਪਣੇ ਉਮਰ-ਵਰਗ ਵਿਚ ਰਿਕਾਰਡ ਕਾਇਮ ਕੀਤਾ ਗਿਆ ਸੀ। ਇਸ ਨੂੰ ਮੁੱਖ ਰੱਖਦਿਆਂ ਹੋਇਆਂ ਕਲੱਬ ਦੇ ਮੈਂਬਰਾਂ ਨੂੰ ਉਤਸ਼ਾਹਿਤ ਕਰਨ ਲਈ ਕਲੱਬ ਦੇ ਪ੍ਰਬੰਧਕਾਂ ਵੱਲੋਂ 70 ਸਾਲ ਤੋਂ ਉੱਪਰਲੇ ਵਿਅੱਕਤੀਆਂ ਨੂੰ ਸੁਰਿੰਦਰ ਨਾਗਰਾ ਦਾ ਇਹ ਰਿਕਾਰਡ ਤੋੜਨ ਲਈ 500 ਡਾਲਰ ਇਨਾਮ ਵਜੋਂ ਦਿੱਤੇ ਜਾਣਗੇ।

ਕਲੱਬ ਦੇ ਮੈਂਬਰਾਂ ਵਿਚ ਇਸ ਈਵੈਂਟ ਲਈ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।




# ਲਾਇਨਜ਼ ਕਲੱਬ ਇੰਟਰਨੈਸ਼ਨਲ ਰਿਹਾਣਾ ਜਟਾ ਕੋਹਿਨੂਰ ਨੇ ਮਨਾਇਆ ਅੰਤਰਰਾਸ਼ਟਰੀ ਮਹਿਲਾ ਦਿਵਸ



ਬਰੈਂਪਟਨ, -ਲੰਘੇ ਹਫ਼ਤੇ8 ਮਾਰਚ ਨੂੰ ਲਾਇਨਜ਼ ਕਲੱਬ ਇੰਟਰਨੈਸ਼ਨਲ ਰਿਹਾਣਾ ਜਟਾ ਕੋਹਿਨੂਰ 321 ਡੀ ਵੱਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ ਕੀਥਮੱਕਮੈਨ ਪਾਰਕ, ਕਲਾਕ ਵਰਕਸ ਰੋਡ, ਮਾਊਂਟ ਪਲੈਜ਼ੈਂਟ ਵਿਖੇ ਬੜੇ ਉਤਸ਼ਾਹ ਨਾਲ ਮਨਾਇਆ ਗਿਆ।

ਇਸ ਮੌਕੇ ਕਲੱਬ ਦੇ ਪ੍ਰਧਾਨ ਲਾਇਨ ਡਾ. ਮੁਖਤਿਆਰ ਸਿੰਘ ਧਾਰੀਵਾਲ, ਸਪੈਸ਼ਲ ਸਕੱਤਰ ਪੰਜਾਬ, ਹਿਮਾਚਲ ਪ੍ਰਦੇਸ਼, ਜੰਮੂ ਕਸ਼ਮੀਰ ਦੀ ਅਗਵਾਈ ਹੇਠ ਮੈਡਮ ਮਨਜੀਤ ਕੌਰ ਮੁੰਬਈ, ਮੈਡਮ ਰਾਜਵੰਤ ਕੌਰ ਮੋਹਾਲੀ, ਮੈਡਮ ਸੁਖਵਿੰਦਰ ਕੌਰ ਪਠਲਾਵਾ ਨੂੰ ਮੋਮੈਂਟੋ ਅਤੇ ਸਨਮਾਨ-ਪੱਤਰ ਭੇਂਟਕਰਕੇ ਸਨਮਾਨਿਤ ਕੀਤਾ ਗਿਆ। ਆਪਣੇ ਸੰਬੋਧਨਾਂ ਵਿੱਚ ਵੱਖ-ਵੱਖ ਬੁਲਾਰਿਆਂ ਵੱਲੋਂ ਇਨ੍ਹਾਂ ਸ਼ਖ਼ਸੀਅਤਾਂ ਵੱਲੋਂ ਸਮਾਜ ਸੇਵਾ, ਵਾਤਾਵਰਣ ਦੀ ਸਾਂਭ-ਸੰਭਾਲ ਲਈ ਪਾਏ ਗਏ ਯੋਗਦਾਨ ਦੀ ਭਰਪੂਰ ਸ਼ਲਾਘਾ ਕੀਤੀ ਗਈ।

ਇਸ ਸਮਾਰੋਹ ਦੀ ਪ੍ਰਧਾਨਗੀ ਸ. ਸੁਰਜੀਤ ਸਿੰਘ ਖਟਕੜ, ਸਾਬਕਾ ਸੀਨੀਅਰ ਬੈਂਕ ਮੈਨੇਜਰ ਪਟਿਆਲਾ ਨੇ ਕੀਤੀ। ਇਸ ਮੌਕੇ ਗੁਰਚਰਨਜੀਤ ਸਿੰਘ ਪਠਲਾਵਾ, ਗੁਰਨਾਮ ਸਿੰਘ ਗੜ੍ਹਦੀਵਾਲਾ, ਗੁਰਮੇਲ ਸਿੰਘ ਸਰਾਂ ਕਲਕੱਤਾ, ਵਿਜੈ ਲੋਹਲ ਅੰਮ੍ਰਿਤਸਰ, ਹਰਭਜਨ ਸਿੰਘ ਜਲੰਧਰ, ਅਮਰੀਕ ਸਿੰਘ, ਕਸ਼ਮੀਰ ਸਿੰਘ ਫ਼ਿਰੋਜ਼ਪੁਰ, ਹਰਦੀਪ ਸਿੰਘ ਚੰਡੀਗੜ੍ਹ, ਜੈਸਮੀਨ ਕੌਰ ਕੁਲਾਰ , ਅਮਰਜੀਤ ਕੌਰ ਨਕੋਦਰ ਅਤੇ ਰਾਜਵਿੰਦਰ ਕੌਰ ਤਰਨਤਾਰਨ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।

# ਓਂਕਾਰਪ੍ਰੀਤ ਦਾ ਲਿਖਿਆ ਨਾਟਕ 'ਵਾਰਿਸ' 24 ਮਾਰਚ ਨੂੰ ਬਰੈਂਪਟਨ ਦੇ ਲੈੱਸਟਰ ਬੀ. ਪੀਅਰਸਨ ਥੀਏਟਰ 'ਚ ਪੇਸ਼ ਕੀਤਾ ਜਾਏਗਾ

ਬਰੈਂਪਟਨ, (ਡਾ. ਝੰਡ) - ਭਾਰਤ ਦੀ ਆਜ਼ਾਦੀ ਲਈ ਸ਼ਹੀਦ ਭਗਤ ਸਿੰਘ ਤੇ ਉਨ੍ਹਾਂ ਦੇ ਸਾਥੀਆਂ ਰਾਜਗੁਰੂ ਤੇ ਸੁਖਦੇਵ ਦੀ ਲਾਸਾਨੀ ਸ਼ਹੀਦੀ ਨੂੰ ਸਮੱਰਪਿਤ ਸਮਾਗਮ ਇੰਡੋ-ਕੈਨੇਡੀਅਨ ਵਰਕਰਜ਼ ਐਸੋਸੀਏਸ਼ਨ ਵੱਲੋਂ 24 ਮਾਰਚ ਦਿਨ ਐਤਵਾਰ ਨੂੰ ਬਾਅਦ ਦੁਪਹਿਰ 1.00 ਵਜੇ ਬਰੈਂਪਟਨ ਦੇ ਲੈੱਸਟਰ ਬੀ. ਪੀਅਰਸਨ ਥੀਏਟਰ ਵਿੱਚ ਆਯੋਜਿਤ ਕੀਤਾ ਜਾ ਰਿਹਾ ਹੈ ਜੋ ਕਿ 150 ਸੈਂਟਰਲ ਪਾਰਕ ਡਰਾਈਵ ਵਿਖੇ ਸਥਿਤ ਹੈ। ਇਸ ਸਮਾਗਮ ਵਿਚ ਓਂਕਾਰਪ੍ਰੀਤ ਦਾ ਲਿਖਿਆ ਨਾਟਕ 'ਵਾਰਿਸ' ਉੱਘੇ ਨਿਰਦੇਸ਼ਕ ਜਸਪਾਲ ਢਿੱਲੋਂ ਦੇ ਨਿਰਦੇਸ਼ਨ ਹੇਠ ਪੇਸ਼ ਕੀਤਾ ਜਾਏਗਾ। ਸੰਗੀਤ ਕੁਲਵਿੰਦਰ ਖਹਿਰਾ ਦਾ ਹੈ ਅਤੇ ਗੀਤਕਾਰ ਰਾਜ ਘੁੰਮਣ ਹਨ।

ਓਂਕਾਰਪ੍ਰੀਤ ਦੇ ਦੱਸਣ ਅਨੁਸਾਰ "ਇਹ ਨਾਟਕ ਸ਼ਹੀਦ ਭਗਤ ਸਿੰਘ ਦੇ ਆਸ਼ੇ ਵਾਲੇ ਲੋਕ ਰਾਜ, ਸਮਾਜ ਤੇ ਉਸ ਦੀਆਂ ਕਦਰਾਂ-ਕੀਮਤਾਂ ਅਤੇ ਗੁਰੂ ਨਾਨਕ ਦੇ ਦਰਸਾਏ ਰੂਹਾਨੀ ਲੋਕ ਜੀਵਨ ਦੀ ਬਾਤ ਪਾਉਂਦਾ ਹੈ।" ਦਰਸ਼ਕਾਂ ਦੇ ਮੋਰੰਜਨ ਲਈ ਬਟਨ ਕਲੱਬ ਦੇ ਸੰਨੀ ਵੱਲੋਂ ਸਟੈਂਡਿੰਗ ਕਾਮੇਡੀ ਪੇਸ਼ ਕੀਤੀ ਜਾਏਗੀ ਅਤੇ 'ਸਰਦਾਰ ਬੁਆਇਜ਼ ਭੰਗੜਾ ਗਰੁੱਪ' ਵੱਲੋਂ ਸ਼ਹੀਦ ਭਗਤ ਸਿੰਘ ਦੀ ਵਾਰ ਗਾਈ ਜਾਏਗੀ।

ਇਸ ਦੌਰਾਨ ਸਮਾਗਮ ਵਿਚ ਮੁੱਖ-ਬੁਲਾਰੇ ਉੱਘੇ ਵਿਦਵਾਨ ਡਾ. ਸਾਧੂ ਸਿੰਘ ਹੋਣਗੇ ਜੋ ਸ਼ਹੀਦ ਭਗਤ ਸਿੰਘ ਦੇ ਜੀਵਨ ਦੇ ਉਦੇਸ਼ ਅਤੇ ਉਨ੍ਹਾਂ ਵੱਲੋਂ ਆਜ਼ਾਦੀ ਲਈ ਲੜੀ ਗਈ ਜੰਗ ਬਾਰੇ ਆਪਣੇ ਵਿਚਾਰ ਪੇਸ਼ ਕਰਨ ਗਏ। ਸਮਾਗ਼ਮ ਦੀ ਦਾਖ਼ਲਾ ਫ਼ੀਸ ਬੜੀ ਮਾਮੂਲੀ ਜਿਹੀ (ਕੇਵਲ ਸੱਤ ਡਾਲਰ) ਰੱਖੀ ਗਈ ਹੈ ਅਤੇ 14 ਸਾਲ ਤੋਂ ਘੱਟ ਬੱਚਿਆਂ ਲਈ ਇਹ ਦਾਖ਼ਲਾ ਫ਼ਰੀ ਹੈ। ਇਸ ਸਬੰਧੀ ਵਧੇਰੇ ਜਾਣਕਾਰੀ ਸੁਰਜੀਤ ਸਹੋਤਾ (416-704-0745), ਅੰਮ੍ਰਿਤ ਢਿੱਲੋਂ (905-794-1016), ਕੁਲਦੀਪ ਰੰਧਾਵਾ (416-892-6171), ਜਗੀਰ ਸਿੰਘ ਕਾਹਲੋਂ (647-533-8297) ਜਾਂ ਦੇਵ ਢੀਂਡਸਾ (416-560-5641) ਕੋਲੋਂ ਪ੍ਰਾਪਤ ਕੀਤੀ ਜਾ ਸਕਦੀ ਹੈ।

The Mortgage Centre
We work for you, not the lenders.




Debt Consolidation | Renovations & Repairs | Avoiding High penalities

if you are looking for independent mortgage or protection advice....
We're here to help.
* Competitive rates
* Flexible terms
* Fast approval process

No Credit or becon score check.
No income verifiaction.
Interest payments only.
Pay off high interest debts.
75%-80% LTV.

Must have home equity.....

For more information call:
Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
-4040 Steeles Avenue West Unit#5 Woodbridge, ON, L4L 4Y5

Rexdale Financial Services

# ‘ਸਰਕਾਰ-ਵਪਾਰ ਮਿਲਣੀਆਂ’ ਸੂਬੇ ਦੀ ਆਰਥਿਕ ਤਰੱਕੀ ਨੂੰ ਬੁਲੰਦੀਆਂ ਉਤੇ ਲੈ ਜਾਣ ਲਈ ਮੀਲ ਦਾ ਪੱਥਰ ਸਾਬਤ ਹੋਣਗੀਆਂ : ਮੁੱਖ ਮੰਤਰੀ

## ਜਮਹੂਰੀ ਤਰੀਕੇ ਨਾਲ ਚੁਣੀਆਂ ਸਰਕਾਰਾਂ ਤੋੜ ਕੇ ਲੋਕਤੰਤਰ ਦਾ ਮਜ਼ਾਕ ਉਡਾਉਣ ਲਈ ਭਾਜਪਾ ਦੀ ਕੀਤੀ ਆਲੋਚਨਾ



ਹੁਸ਼ਿਆਰਪੁਰ, 12 ਮਾਰਚ (ਗਿਆਨ ਸਿੰਘ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਉਮੀਦ ਜ਼ਾਹਰ ਕੀਤੀ ਕਿ ‘ਸਰਕਾਰ-ਵਪਾਰ ਮਿਲਣੀਆਂ’ ਵਿੱਚ ਕਾਰੋਬਾਰੀਆਂ ਤੇ ਉਦਯੋਗਪਤੀਆਂ ਦੀ ਸਰਗਰਮ ਭਾਈਵਾਲੀ ਨਾਲ ਇਹ ਮਿਲਣੀਆਂ ਸੂਬੇ ਦੀ ਆਰਥਿਕ ਤਰੱਕੀ ਨੂੰ ਬੁਲੰਦੀਆਂ ਉਤੇ ਲੈ ਜਾਣ ਲਈ ਮੀਲ ਦਾ ਪੱਥਰ ਸਾਬਤ ਹੋਣਗੀਆਂ।

ਇੱਥੇ ਸਰਕਾਰ-ਵਪਾਰ ਮਿਲਣੀ ਦੌਰਾਨ ਸੰਬੋਧਨ ਕਰਦਿਆਂ ਮੁੱਖ ਮੰਤਰੀ ਇਸ ਸਰਕਾਰ-ਵਪਾਰ ਮਿਲਣੀ ਦਾ ਮੰਤਵ ਲੋਕਾਂ ਦੀ ਭਲਾਈ ਯਕੀਨੀ ਬਣਾਉਣਾ ਹੈ। ਉਨ੍ਹਾਂ ਅਫ਼ਸੋਸ ਜ਼ਾਹਰ ਕੀਤਾ ਕਿ ਪਿਛਲੀਆਂ ਸਰਕਾਰਾਂ ਨੇ ਲੋਕਾਂ ਦੀ ਭਲਾਈ ਲਈ ਅਜਿਹੇ ਪ੍ਰੋਗਰਾਮ ਕਰਵਾਉਣ ਦੀ ਕਦੇ ਪਰਵਾਹ ਨਹੀਂ ਕੀਤੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਆਗੂਆਂ ਨੇ ਖ਼ੁਦ ਨੂੰ ਆਲੀਸ਼ਾਨ ਮਹਿਲਾਂ ਦੀਆਂ ਕੰਧਾਂ ਵਿੱਚ ਕੈਦ ਕਰ ਲਿਆ ਅਤੇ ਆਮ ਆਦਮੀ ਨੂੰ ਆਪਣੇ ਰਹਿਮੋ-ਕਰਮ ਉਤੇ ਛੱਡ ਦਿੱਤਾ।

ਲੋਕ ਸਭਾ ਦੀਆਂ ਚੋਣਾਂ ਨੇੜੇ ਆਉਣ ਦੇ ਮੱਦੇਨਜ਼ਰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੰਗਲਵਾਰ ਨੂੰ ਸੂਬਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸੂਬੇ ਦੇ ਹਿੱਤਾਂ ਨਾਲ ਹੋ ਰਹੇ ਧੋਖੇ ਖ਼ਿਲਾਫ਼ ਬੋਲਣ ਤੇ ਕੰਮ ਕਰਨ ਵਾਲੇ ਸੰਸਦ ਮੈਂਬਰ ਚੁਣਨ, ਨਾ ਕਿ ਚੁੱਪ ਰਹਿਣ ਵਾਲਿਆਂ ਦੀ ਚੋਣ ਕਰਨ।

ਮੁੱਖ ਮੰਤਰੀ ਨੇ ਲੋਕਾਂ ਨੂੰ ਆਖਿਆ ਕਿ ਉਹ ਵੋਟ ਪਾਉਣ ਤੋਂ ਪਹਿਲਾਂ ਇਹ ਸੋਚਣ ਕਿ ਜਦੋਂ ਪੰਜਾਬ ਦੇ ਅਧਿਕਾਰ ਖੋਹੇ ਜਾ ਰਹੇ ਸਨ ਤਾਂ ਉਨ੍ਹਾਂ ਦੇ ਸੰਸਦ ਮੈਂਬਰ ਕਿੱਥੇ ਸਨ। ਉਨ੍ਹਾਂ ਲੋਕਾਂ ਨੂੰ ਕਿਹਾ ਕਿ ਉਹ ਸੋਚਣ ਕਿ ਜਦੋਂ ਪੰਜਾਬ ਦੀ ਸਨਅਤ ਤਬਾਹ ਕੀਤੀ ਗਈ ਅਤੇ ਕਾਲੇ ਖੇਤੀ ਕਾਨੂੰਨਾਂ ਵਿਰੁੱਧ ਸੂਬੇ ਦੇ ਕਿਸਾਨ ਸੰਘਰਸ਼ ਕਰ ਰਹੇ ਸਨ ਤਾਂ ਸੰਸਦ ਮੈਂਬਰ ਕਿਉਂ ਚੁੱਪ ਰਹੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਲਈ ਅਹਿਮ ਸਮੇਂ ਉਤੇ ਇਹ ਆਗੂ ਚੁੱਪ ਰਹੇ, ਜਿਸ ਕਾਰਨ ਉਹ ਲੋਕਾਂ ਦੀਆਂ ਵੋਟਾਂ ਦੇ ਹੱਕਦਾਰ ਨਹੀਂ ਹਨ ਅਤੇ ਇਨ੍ਹਾਂ ਨੂੰ ਬਾਹਰ ਦਾ ਰਸਤਾ ਦਿਖਾਉਣਾ ਚਾਹੀਦਾ ਹੈ ਤਾਂ ਕਿ ਸਮਰਪਿਤ ਤੇ ਵਚਨਬੱਧ ਲੋਕ ਹੀ ਸੰਸਦ ਲਈ ਚੁਣੇ ਜਾਣ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਖ਼ਜ਼ਾਨੇ ਦਾ ਇਕ-ਇਕ ਪੈਸਾ ਲੋਕਾਂ ਦੀ ਭਲਾਈ ਲਈ ਖ਼ਰਚਿਆ ਜਾ ਰਿਹਾ ਹੈ। ਭਗਵੰਤ ਸਿੰਘ ਮਾਨ ਨੇ ਸਾਰੀਆਂ 13 ਲੋਕ ਸਭਾ ਸੀਟਾਂ ਉਤੇ ਆਮ ਆਦਮੀ ਪਾਰਟੀ ਦੀ ਜਿੱਤ ਯਕੀਨੀ ਬਣਾਉਣ ਦਾ ਲੋਕਾਂ ਨੂੰ ਸੱਦਾ ਦਿੱਤਾ ਤਾਂ ਕਿ ਉਹ ਕੇਂਦਰ ਸਰਕਾਰ ਦੀਆਂ ਪੱਖਪਾਤੀ ਨੀਤੀਆਂ ਦਾ ਡਟ ਕੇ ਮੁਕਾਬਲਾ ਕਰ ਸਕਣ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਵਿਕਾਸ ਕਾਰਜਾਂ ਦੀ ਰਫ਼ਤਾਰ ਜਾਰੀ ਰੱਖਣ ਲਈ ਸਾਰੀਆਂ 13 ਸੀਟਾਂ ਜਿਤਾ ਕੇ ਆਮ ਆਦਮੀ ਪਾਰਟੀ ਦੇ ਹੱਥ ਮਜ਼ਬੂਤ ਕੀਤੇ ਜਾਣ। ਉਨ੍ਹਾਂ ਕਿਹਾ ਕਿ ਆਪਣੀ ਚੋਣ ਤੋਂ ਬਾਅਦ ਇਹ 13 ਸੰਸਦ ਮੈਂਬਰ ਸੂਬੇ ਦੇ ਵਿਕਾਸ ਨੂੰ ਰਫ਼ਤਾਰ ਦੇਣਗੇ।

ਮੁੱਖ ਮੰਤਰੀ ਨੇ ਕਿਹਾ ਕਿ ਅਰਵਿੰਦ ਕੇਜਰੀਵਾਲ ਦੀ ਦੂਰਅੰਦੇਸ਼ ਅਗਵਾਈ ਹੇਠ ‘ਆਪ’ ਕੌਮੀ ਪਾਰਟੀ ਬਣ ਗਈ। ਇਹ ਸਿਰਫ਼ ਕੰਮ ਦੀ ਸਿਆਸਤ ਵਿੱਚ ਸਾਡੇ ਵਿਸ਼ਵਾਸ ਕਾਰਨ ਹੀ ਸੰਭਵ ਹੋਇਆ। ਉਨ੍ਹਾਂ ਕਿਹਾ ਕਿ ਸਾਡੀ ਪਾਰਟੀ ਨਫ਼ਰਤ ਦੀ ਸਿਆਸਤ ਵਿੱਚ ਵਿਸ਼ਵਾਸ ਨਹੀਂ ਰੱਖਦੀ, ਜਿਸ ਕਾਰਨ ਲੋਕ ਵੱਡੀ ਪੱਧਰ ਉਤੇ ਸਾਡੀ ਹਮਾਇਤ ਕਰ ਰਹੇ ਹਨ ਅਤੇ ਸਾਡੀ ਪਾਰਟੀ ਦੇ ਸੰਸਦ ਮੈਂਬਰ, ਵਿਧਾਇਕਾਂ ਤੇ ਹੋਰ ਚੁਣੇ ਹੋਏ ਨੁਮਾਇੰਦਿਆਂ ਦੀ ਗਿਣਤੀ ਵਧ ਰਹੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ‘ਆਪ’ ਦਾ ਕਾਫ਼ਲਾ ਹੋਰ ਵਧੇਗਾ ਕਿਉਂਕਿ ਸਮਾਜ ਦਾ ਹਰੇਕ ਵਰਗ ਆਗਾਮੀ ਲੋਕ ਸਭਾ ਚੋਣਾਂ ਵਿੱਚ ਪਾਰਟੀ ਦੀ ਹਮਾਇਤ ਕਰੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਸਾਰੀਆਂ ਸੰਵਿਧਾਨਕ ਕਦਰਾਂ-ਕੀਮਤਾਂ ਤੇ ਲੋਕਾਂ ਦੇ ਫਤਵੇ ਦੀ ਉਲੰਘਣਾ ਕਰ ਕੇ ਭਾਜਪਾ ਨੇ ਜਮਹੂਰੀਅਤ ਦਾ ਮਜ਼ਾਕ ਉਡਾਇਆ ਹੈ। ਉਨ੍ਹਾਂ ਕਿਹਾ ਕਿ ਜਿਹੜੇ ਸੂਬਿਆਂ ਵਿੱਚ ਲੋਕਾਂ ਦਾ ਫਤਵਾ ਭਾਜਪਾ ਦੇ ਵਿਰੁੱਧ ਗਿਆ, ਉੱਥੇ ਚੁਣੇ ਹੋਏ ਨੁਮਾਇੰਦਿਆਂ ਨੂੰ ਖ਼ਰੀਦ ਕੇ ਸਰਕਾਰਾਂ ਭੰਗ ਕਰਨ ਦੀ ਕੋਸ਼ਿਸ਼ ਕੀਤੀ ਗਈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਬਰਦਾਸ਼ਤਯੋਗ ਨਹੀਂ ਹੈ ਕਿਉਂਕਿ ਇਹ ਲੋਕਾਂ ਦੇ ਇਕ-ਇਕ ਵੋਟ ਦੀ ਨਿਰਾਦਰੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਵਿੱਚ 829 ਆਮ ਆਦਮੀ ਕਲੀਨਿਕਾਂ ਨੇ ਸੂਬੇ ਦੇ ਸਿਹਤ ਖੇਤਰ ਵਿੱਚ ਕ੍ਰਾਂਤੀਕਾਰੀ ਬਦਲਾਅ ਲਿਆਂਦਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਕਲੀਨਿਕਾਂ ਵਿੱਚ ਆਉਣ ਵਾਲੇ 95 ਫੀਸਦੀ ਤੋਂ ਵੱਧ ਮਰੀਜ਼ ਸਿਹਤਮੰਦ ਹੋਏ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜਦੋਂ ਤੋਂ ਇਹ ਕਲੀਨਿਕ ਸ਼ੁਰੂ ਹੋਏ ਹਨ, ਹੁਣ ਤੱਕ ਇਕ ਕਰੋੜ ਤੋਂ ਵੱਧ ਮਰੀਜ਼ ਇਲਾਜ ਲਈ ਆ ਚੁੱਕੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਕਲੀਨਿਕ ਪੰਜਾਬ ਦੇ ਸਿਹਤ ਸੰਭਾਲ ਖੇਤਰ ਦੀ ਕਾਇਆਕਲਪ ਕਰਨ ਲਈ ਮੀਲ ਪੱਥਰ ਸਾਬਤ ਹੋਏ ਹਨ। ਉਨ੍ਹਾਂ ਕਿਹਾ ਕਿ ਕਲੀਨਿਕਾਂ ਵਿੱਚ 80 ਕਿਸਮਾਂ ਦੀਆਂ ਦਵਾਈਆਂ ਅਤੇ 40 ਟੈਸਟ ਮੁਫ਼ਤ ਕੀਤੇ ਜਾ ਰਹੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਕਲੀਨਿਕ ਸੂਬੇ ਵਿੱਚ ਕਿਸੇ ਬਿਮਾਰੀ ਤੋਂ ਵੱਧ ਪ੍ਰਭਾਵਿਤ ਇਲਾਕਿਆਂ ਬਾਰੇ ਡਾਟਾਬੇਸ ਵੀ ਤਿਆਰ ਕਰਨ ਵਿੱਚ ਵੀ ਸਹਾਈ ਸਿੱਧ ਹੋ ਰਹੇ ਹਨ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਸੂਬੇ ਵਿੱਚ ਸੜਕ ਹਾਦਸਿਆਂ ਵਿੱਚ ਅਜਾਈਂ ਜਾਂਦੀਆਂ ਕੀਮਤੀ ਜਾਨਾਂ ਦੀ ਰੋਕਥਾਮ ਅਤੇ ਟ੍ਰੈਫਿਕ ਦੀ ਸੁਚਾਰੂ ਵਿਵਸਥਾ ਲਈ ਸੂਬਾ ਸਰਕਾਰ ਨੇ ‘ਸੜਕ ਸੁਰੱਖਿਆ ਫੋਰਸ’ ਦੀ ਸ਼ੁਰੂਆਤ ਕੀਤੀ ਹੈ। ਉਨ੍ਹਾਂ ਕਿਹਾ ਕਿ ਆਪਣੀ ਕਿਸਮ ਦੀ ਇਹ ਪਹਿਲੀ ਫੋਰਸ ਸੂਬੇ ਵਿੱਚ ਹਰ ਰੋਜ਼ ਵਾਪਰਦੇ ਸੜਕ ਹਾਦਸਿਆਂ ਵਿੱਚ ਕੀਮਤੀ ਜਾਨਾਂ ਬਚਾਉਣ ਵਿੱਚ ਅਹਿਮ ਭੂਮਿਕਾ ਨਿਭਾਅ ਰਹੀ ਹੈ ਅਤੇ ਇਸ ਫੋਰਸ ਨੂੰ ਅੰਨ੍ਹੇਵਾਹ ਡਰਾਈਵਿੰਗ ਕਰਨ ਵਾਲਿਆਂ ਨੂੰ ਰੋਕਣ, ਵਾਹਨਾਂ ਦੀ ਸੁਚੱਜੀ ਆਵਾਜਾਈ ਅਤੇ ਸੜਕ ਹਾਦਸੇ ਰੋਕਣ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮੁਢਲੇ ਤੌਰ ਉਤੇ 129 ਵਾਹਨਾਂ ਨੂੰ ਅਤਿ ਆਧੁਨਿਕ ਸਾਜ਼ੋ-ਸਾਮਾਨ ਨਾਲ ਲੈਸ ਕੀਤਾ ਗਿਆ ਹੈ ਅਤੇ ਹਰੇਕ 30 ਕਿਲੋਮੀਟਰ ਦੇ ਵਕਫੇ ਨਾਲ ਇਹ ਵਾਹਨ ਤਾਇਨਾਤ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਵਾਹਨਾਂ ਵਿੱਚ ਮੈਡੀਕਲ ਕਿੱਟ ਵੀ ਰੱਖੀ ਹੁੰਦੀ ਹੈ ਤਾਂ ਕਿ ਲੋੜ ਪੈਣ ਉਤੇ ਕਿਸੇ ਵੀ ਵਿਅਕਤੀ ਨੂੰ ਮੁਢਲਾ ਇਲਾਜ ਮੁਹੱਈਆ ਕਰਵਾਇਆ ਜਾ ਸਕੇ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਪਿਛਲੀਆਂ ਸਰਕਾਰਾਂ ਵੱਲੋਂ ਖੜ੍ਹੀਆਂ ਕੀਤੀਆਂ ਸਾਰੀਆਂ ਰੁਕਾਵਟਾਂ ਦੂਰ ਕਰ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਸਮਾਜ ਦੇ ਹਰੇਕ ਤਬਕੇ ਨਾਲ ਮੀਟਿੰਗਾਂ ਕਰ ਰਹੀ ਹੈ ਤਾਂ ਕਿ ਹਰੇਕ ਪੰਜਾਬੀ ਦੀ ਵੱਧ ਤੋਂ ਵੱਧ ਮਦਦ ਕੀਤੀ ਜਾ ਸਕੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਸੂਬੇ ਦੇ ਵਿਕਾਸ ਅਤੇ ਖੁਸ਼ਹਾਲੀ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਬਿਜਲੀ ਦੇ ਖੇਤਰ ਵਿੱਚ ਵੱਡੇ ਸੁਧਾਰ ਕੀਤੇ ਹਨ। ਉਨ੍ਹਾਂ ਕਿਹਾ ਕਿ ਇਸ ਕਦਮ ਨਾਲ ਆਉਂਦੇ ਸਮੇਂ ਵਿੱਚ ਉਦਯੋਗਪਤੀਆਂ ਅਤੇ ਕਾਰੋਬਾਰੀਆਂ ਨੂੰ ਵੀ ਸਸਤੀ ਬਿਜਲੀ ਮਿਲੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਸਮੇਂ ਦੀ ਲੋੜ ਹੈ ਕਿ ਉਦਯੋਗਿਕ ਤਰੱਕੀ ਰਾਹੀਂ ਸੂਬੇ ਦੀ ਆਰਥਿਕ ਖੁਸ਼ਹਾਲੀ ਨੂੰ ਵੱਡਾ ਹੁਲਾਰਾ ਦਿੱਤਾ ਜਾਵੇ।

LOCAL & LONG DISTANCE MOVING

H.K. MOVERS

VANCOUVER - CALGARY - EDMONTON - WINNIPEG - TORONTO - OTTAWA - MONTREAL

CANADA'S MOVING COMPANY




WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS

Best Business of 2023 ThreeBest Rated Excellence

Call: 416.524.6704
www.hkmovers.ca

2023 ThreeBest Rated Certificate OF EXCELLENCE THREE BEST RATED

SAFE, RELIABLE AND EFFICIENT SERVICE AT THE BEST RATES

# ਪੰਜਾਬ ਵਿੱਚ ਅੰਤਰਰਾਸ਼ਟਰੀ ਬਾਲ ਕਾਨਫਰੰਸ 9 ਅਤੇ 10 ਨਵੰਬਰ ਨੂੰ ਕਰਵਾਈ ਜਾਵੇਗੀ : ਬਾਠ

**ਸਰਦਾਰ ਅਰਜਨ ਸਿੰਘ ਬਾਠ ਐਵਾਰਡ ਨਾਲ ਬਾਲ ਲੇਖਕ ਹੋਣਗੇ ਸਨਮਾਨਿਤ, ਇਨਾਮੀ ਰਾਸ਼ੀ ਚਾਰ ਇਨਾਮ 1 ਲੱਖ, 71 ਹਜ਼ਾਰ, 51 ਹਜ਼ਾਰ , 31 ਹਜ਼ਾਰ ਰੁਪਏ**




ਜਲੰਧਰ, 12 ਮਾਰਚ (ਗਿਆਨ ਸਿੰਘ) ਪੰਜਾਬ ਭਵਨ ਜਲੰਧਰ ਦੇ ਵਿਹੜੇ ਵਿੱਚ ਹੋਈ 23 ਜਿਲ੍ਹਿਆਂ ਦੀ ਸਾਂਝੀ ਮਿਲਣੀ ਦੌਰਾਨ ਪੰਜਾਬ ਭਵਨ ਦੇ ਸੰਸਥਾਪਕ ਸੁਖੀ ਬਾਠ ਨੇ ਬਾਲ ਲੇਖਕਾਂ ਲਈ ਵੱਡਾ ਐਲਾਨ ਕੀਤਾ ਹੈ। ਉਹਨਾਂ ਕਿਹਾ ਦੋ ਰੋਜ਼ਾ ਬਾਲ ਅੰਤਰਰਾਸ਼ਟਰੀ ਕਾਨਫਰੰਸ 9 ਅਤੇ 10 ਨਵੰਬਰ ਨੂੰ ਪੰਜਾਬ ਵਿੱਚ ਹੋਵੇਗੀ। ਇਸ ਕਾਨਫਰੰਸ ਵਿੱਚ ਬਾਲ ਲੇਖਕਾਂ ਦੇ ਮੁਕਾਬਲੇ ਕਰਵਾਏ ਜਾਣਗੇ। ਜਿਸ ਵਿੱਚ ਬੱਚਿਆਂ ਨੂੰ ਪਹਿਲੀ ਵਾਰ ਸ਼੍ਰੋਮਣੀ ਬਾਲ ਪੁਰਸਕਾਰ ਦਿੱਤੇ ਜਾਣਗੇ। ਪਹਿਲੀ ਪੁਜੀਸ਼ਨ ਲੈਣ ਵਾਲੇ ਬਾਲ ਲੇਖਕ ਨੂੰ ਸਰਦਾਰ ਅਰਜਨ ਸਿੰਘ ਬਾਠ ਐਵਾਰਡ ਅਤੇ ਇਨਾਮੀ ਰਾਸ਼ੀ ਇੱਕ ਲੱਖ ਰੁਪਏ ਨਾਲ ਸਨਮਾਨਿਤ ਕੀਤਾ ਜਾਵੇਗਾ। ਉਹਨਾਂ ਕਿਹਾ ਇਹ ਕਾਨਫਰੰਸ ਦੂਜੀਆਂ ਕਰਵਾਈ ਜਾਣ ਵਾਲੀਆਂ ਅੰਤਰਰਾਸ਼ਟਰੀ ਕਾਨਫਰੰਸਾਂ ਵਿਚ ਸੰਸਾਰ ਦੀ ਨਵੇਕਲੀ ਪਹਿਲ ਹੋਵੇਗੀ। ਉਹਨਾਂ ਨੇ ਆਪਣੀ ਟੀਮ ਨੂੰ ਇਸ ਕਾਨਫਰੰਸ ਲਈ ਤਿਆਰੀ ਕਰਨ ਲਈ ਕਿਹਾ ਗਿਆ ਹੈ। ਇਸ ਮੌਕੇ ਸ਼੍ਰੀ ਸੁੱਖੀ ਬਾਠ ਦੀ ਹਮਸਫਰ ਸੁਖਵਿੰਦਰ ਕੌਰ ਬਾਠ ਜੀ , ਪੰਜਾਬ ਭਵਨ ਦੀ ਡਾਇਰੈਕਟਰ ਆਫ਼ ਇੰਡੀਆ ਚੈਪਟਰ ਪ੍ਰੀਤ ਹੀਰ , ਪ੍ਰੋਜੈਕਟ ਇੰਚਾਰਜ ਉਂਕਾਰ ਸਿੰਘ ਤੇਜੇ, ਵਿਸ਼ਵ ਪ੍ਰਸਿੱਧ ਗੀਤਕਾਰ ਅਤੇ ਮੰਚ ਸੰਚਾਲਨ ਬਲਦੇਵ ਰਾਹੀ , ਵਿਸ਼ਵ ਪ੍ਰਸਿੱਧ ਕਮੇਡੀਅਨ ਭੋਟੂ ਸ਼ਾਹ, ਐਡੀਟਰ ਸਤੀਸ਼ ਜੌੜਾ ਜੀ,ਅਵਤਾਰ ਸਿੰਘ ਚੋਟੀਆਂ , ਪਰਮਜੀਤ ਕੌਰ ਸਰਾਂ, ਰਾਜਵਿੰਦਰ ਕੌਰ ਸੰਧੂ, ਜਸ ਸ਼ੇਰਗਿੱਲ, ਮਨਦੀਪ ਕੌਰ ਜੱਸੀ, ਬਲਜੀਤ ਸ਼ਰਮਾ , ਜਸਵਿੰਦਰ ਪੰਜਾਬੀ, ਜਗਜੀਤ ਸਿੰਘ ਨੌਹਰਾ, ਡਾਕਟਰ ਅਮਰ ਜੋਤੀ ਮਾਂਗਟ, ਸ਼ਸ਼ੀ ਬਾਲਾ, ਮਾਸਟਰ ਲਖਵਿੰਦਰ ਸਿੰਘ ,ਡਾਕਟਰ ਨਿਰਮਲ ਜੋਸ਼ਨ, ਗੁਰਵਿੰਦਰ ਸਿੰਘ ਸਿੱਧੂ , ਦਮਨਜੀਤ ਕੌਰ, ਨਛੱਤਰ ਸਿੰਘ ਭੋਗਲ ਯੂਕੇ,ਨਿਸ਼ਾ ਰਾਣੀ,ਬਲਰਾਜ ਸਿੰਘ ,ਸਤਿੰਦਰ ਕੌਰ ਕਾਹਲੋਂ, ਨਵਜੋਤ ਕੌਰ ਬਾਜਵਾ, ਮੈਡਮ ਗੁਰਮਿੰਦਰ ਕੌਰ, ਸਮਸੀਲ ਸਿੰਘ ਸੋਢੀ , ਅੰਜਨਾ ਮੈਨਨ ਜਸਪ੍ਰੀਤ ਕੌਰ ਬੱਬੂ, ਗੁਰਮੀਤ ਸਿੰਘ ਨਿਰਮਾਣ, ਲਖਵੀਰ ਸਿੰਘ , ਡਾਕਟਰ ਸੁਰਿੰਦਰ ਕੌਰ ਜਿੰਦਲ ਅਤੇ ਹੋਰ ਬਹੁਤ ਸਾਰੀਆਂ ਪ੍ਰਮੁੱਖ ਸ਼ਖਸ਼ੀਅਤਾਂ ਸ਼ਾਮਿਲ ਹੋਈਆਂ ਸਨ। ਪ੍ਰੈਸ ਨੂੰ ਜਾਣਕਾਰੀ ਪੰਜਾਬ ਭਵਨ ਜਲੰਧਰ ਦੇ ਮੀਡੀਆ ਇੰਚਾਰਜ ਗੁਰਵਿੰਦਰ ਸਿੰਘ ਕਾਂਗੜ ਦੇ ਦਿੰਦਿਆਂ ਦੱਸਿਆ ਕਿ ਪੂਰੀ ਟੀਮ ਤਿਆਰੀਆਂ ਵਿਚ ਜੁੱਟ ਗਈ ਹੈ।


URGENTLY NEED NEW LISTINGS IN BRAMPTON/CALEDON

visit: www.teamjagaujla.com

ADVERTISEMENT GUARANTEED TILL SOLD

JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com

MCNE

CALL JAG AUJLA FOR A QUICK & FREE HOME EVALUATION

www.BramptonTopRealtor.com

RECENTLY LISTED IN YOUR NEIGHBOURHOOD

**Sandalwood & Sunny Meadow Blvd**

ਬਹੁਤ ਹੀ ਵਧੀਆ ਲੋਕੇਸ਼ਨ ਉਤੇ ਗ੍ਰੀਨਰੀ ਫੇਸਿੰਗ ਬਹੁਤ ਹੀ ਵਧੀਆ ਤਰੀਕੇ ਨਾਲ ਮੇਨਟੇਨ ਕੀਤਾ ਹੋਇਆ ਲਗਭਗ 1305 ਸਕੇਅਰ ਫੁੱਟ (ਐਮਪੈਕ ਅਨੁਸਾਰ) ਦਾ ਕੌਂਡੋ ਸਟੈਕਡ ਟਾਊਨ ਹਾਊਸ, ਸਾਰੇ ਘਰ ਨੂੰ ਨਵਾਂ ਰੰਗ ਕੀਤਾ ਹੋਇਆ, ਸਾਲ 2016-17 ਵਿਚ ਬਣਿਆ ਹੋਇਆ 2 ਬੈਡਰੂਮ + 3 ਵਾਸ਼ਰੂਮ + ਓਪਨ ਟੈਰੇਸਡ ਬਾਲਕਨੀ + 1 ਕਾਰ ਗਰਾਜ ਦੇ ਨਾਲ, ਓਪਨ ਕਾਂਸੈਪਟ ਲਿਵਿੰਗ ਲੈਮੀਨੇਟਡ ਫਲੋਰ ਦੇ ਨਾਲ ਲੈਸ ਡਾਇਨਿੰਗ ਏਰੀਆ, ਸਟੇਨਲੈਸ ਸਟੀਲ ਨਾਲ ਬਣੀਆਂ ਕਿਚਨ ਕੈਬਿਨੇਟਸ, ਮਾਸਟਰ ਬੈਡਰੂਮ 4 ਪੀਸੀ ਐਨਸੂਟ ਦੇ ਨਾਲ ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਅਤੇ ਹੋਰ ਵੀ ਬਹੁਤ ਕੁੱਝ।

**James Potter/Queen/Bonnie Brae**

ਬਹੁਤ ਹੀ ਸੋਹਣਾ 3000-3500 ਸਕੇਅਰ ਫੁੱਟ ਦਾ ਡਿਟੈਚਡ ਘਰ, 5+2 ਬੈਡਰੂਮ + ਦਫਤਰ + 5 ਵਾਸ਼ਰੂਮ, ਫਿਨਿਸ਼ਡ ਬੇਸਮੈਂਟ, 2 ਅਲੱਗ ਐਂਟਰੈਂਸ, 9 ਫੁੱਟ ਦੀ ਸੀਲਿੰਗ, ਡਬਲ ਡੋਰ ਐਂਟਰੀ, 5 ਪੀਸੀ ਐਨਸੂਟ ਦੇ ਨਾਲ ਮਾਸਟਰ ਬੈਡਰੂਮ, ਮੇਨ ਫਲੋਰ ਉਤੇ ਲੱਕੜ ਦਾ ਕੰਮ ਕੀਤਾ ਹੋਇਆ, ਬੇਸਮੈਂਟ ਵਿਚ ਲੈਮੀਨੇਟ ਅਤੇ ਸੇਰਾਮਿਕਸ, ਗ੍ਰੇਨਾਈਟ ਕਊਂਟਰ ਟਾਪ ਅਤੇ ਸੈਂਟਰ ਆਈਲੈਂਡ ਦੇ ਨਾਲ ਕਿਚਨ, ਗ੍ਰੀਨਰੀ ਵੱਲ ਫੇਸ ਕਰਦਾ ਹੋਇਆ ਬ੍ਰੇਕਫਾਸਟ ਏਰੀਆ, ਮੇਨ ਫਲੋਰ ਉਤੇ ਲਾਊਂਡਰੀ, ਘਰ ਦੇ ਸਾਹਮਣੇ ਪਾਰਕ ਅਤੇ ਹੋਰ ਵੀ ਬਹੁਤ ਕੁੱਝ।

**Caledon Ontario (Dir/Cross St:Mayfield/ Mclaughlin/Tweedhill)**

ਬਹੁਤ ਹੀ ਵਧੀਆ ਪ੍ਰਾਈਮ ਲੋਕੇਸ਼ਨ ਉਤੇ ਕਿਰਾਏ ਲਈ ਖਾਲੀ 700-1100 ਸਕੁਏਅਰ ਫੁੱਟ ਦਾ ਸੋਹਣਾ ਜਿਹਾ ਘਰ, ਦੋ ਬੈਡਰੂਮਜ਼ ਦੇ ਨਾਲ ਲੀਗਲ ਬੇਸਮੈਂਟ ਅਪਾਰਟਮੈਂਟ (ਅਲੱਗ ਐਂਟਰੈਂਸ), ਕੰਕਰੀਟ ਦਾ ਡਰਾਇਵ ਵੇਅ, ਓਪਨ ਕਾਂ-ਸੈਪਟ ਦੇ ਨਾਲ ਲਿਵਿੰਗ ਰੂਮ ਨਾਲ ਅਟੈਚਡ ਕਿਚਨ, ਕਿਰਾਏਦਾਰ ਨੂੰ ਕਿਰਾਇਆ ਅਤੇ 30% ਯੂਟੀਲਿਟੀਜ਼ ਦੇਣਾ ਹੋਵੇਗਾਲੀਜ਼ ਘੱਟ ਤੋਂ ਘੱਟ 1 ਸਾਲ ਲਈ ਹੋਵੇਗੀ।

**Bramalea/Father Tobin /Fernfor**

ਬਹੁਤ ਹੀ ਸ਼ਾਨਦਾਰ 3065 ਸਕੇਅਰ ਫੁੱਟ ਦਾ 3 ਮੰਜਲਾ ਡਿਟੈਚਡ ਘਰ, 5+1 ਬੈਡਰੂਮ + 5 ਵਾ-ਸ਼ਰੂਮ ਅਤੇ 2 ਫੈਮਿਲੀ ਰੂਮ, 2 ਮਾਸਟਰ ਬੈਡਰੂਮ ਅਤੇ ਇਕ ਫਿਨਿਸ਼ਡ ਬੇਸਮੈਂਟ, ਡਬਲ ਡੋਰ ਐਂ-ਟਰੀ, ਓਕ ਸਟੇਅਰਕੇਸ, ਲਿਵਿੰਗ, ਡਾਈਨਿੰਗ ਅਤੇ ਫੈਮਿਲੀ ਰੂਮ ਵਿਚ ਹਾਰਡਵੁੱਡ ਲੱਗਾ ਹੋਇਆ, ਸੋਹਣਾ ਜਿਹਾ ਕਿਚਨ ਸੈਂਟਰ ਆਈਲੈਂਡ ਦੇ ਨਾਲ, ਮਾਸਟਰ ਬੈਡਰੂਮ ਵਿਚ 5 ਪੀਸੀ ਐਨ-ਸੂਟ, ਦੂਜੀ ਮੰਜਲ 'ਤੇ ਲਾਊਂਡਰੀ, ਗਰਾਜ ਤੋਂ ਘਰ ਦੀ ਐਂਟਰੀ, ਬੇਸਮੈਂਟ ਵਿਚ ਸ਼ਾਨਦਾਰ ਥੀਏਟਰ ਦੇ ਨਾਲ, ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਤੇ ਹੋਰ ਵੀ ਬਹੁਤ ਕੁੱਝ।

FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC.
Ph:905-456-3232
JAG AUJLA 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT

Grand Upholstery Ltd
Sofa Company Originality in Every Piece
Special on Sale
- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ

ਕੁਆਲਿਟੀ ਮੂਹੋਂ ਬੋਲਦੀ ਹੈ

Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com






FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017